ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 7 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੭, ੨੪ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅਮਰੀਕਾ ਤੋਂ ਨਾਰਾਜ਼ ਖਾੜੀ ਦੇਸ਼ !

# ਈਰਾਨੀ ਹਮਲਿਆਂ ਨੇ ਮਚਾਈ ਤਬਾਹੀ

**ਦੁਬਈ/ਵਾਸ਼ਿੰਗਟਨ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਏਸ਼ੀਆ ਵਿੱਚ ਜੰਗ ਦੇ ਬੱਦਲ ਹੋਰ ਗੂੜ੍ਹੇ ਹੁੰਦੇ ਜਾ ਰਹੇ ਹਨ। ਈਰਾਨ ਵੱਲੋਂ ਕੀਤੇ ਗਏ ਡਰੋਨ ਅਤੇ ਮਿਜ਼ਾਈਲ ਹਮਲਿਆਂ ਨੇ ਖਾੜੀ ਦੇਸ਼ਾਂ ਵਿੱਚ ਭਾਰੀ ਹਲਚਲ ਮਚਾ ਦਿੱਤੀ ਹੈ। ਇਸ ਦੌਰਾਨ ਖਾੜੀ ਦੇਸ਼ਾਂ ਨੇ ਅਮਰੀਕਾ ਦੇ ਟਰੰਪ ਪ੍ਰਸ਼ਾਸਨ ਪ੍ਰਤੀ ਆਪਣੀ ਸਖ਼ਤ ਨਾਰਾਜ਼ਗੀ ਜ਼ਾਹਰ ਕੀਤੀ ਹੈ। ਸੂਤਰਾਂ ਅਨੁਸਾਰ, ਸਾਊਦੀ ਅਰਬ ਅਤੇ ਕੁਵੈਤ ਵਰਗੇ ਸਹਿਯੋਗੀ ਦੇਸ਼ਾਂ ਦਾ ਕਹਿਣਾ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨ 'ਤੇ ਹਮਲੇ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਭਰੋਸੇ ਵਿੱਚ ਨਹੀਂ ਲਿਆ ਅਤੇ ਨਾ ਹੀ ਕੋਈ ਅਗਾਊਂ ਸੂਚਨਾ ਦਿੱਤੀ। ਪ੍ਰਾਪਤ ਅੰਕੜਿਆਂ ਅਨੁਸਾਰ, ਜੰਗ ਸ਼ੁਰੂ ਹੋਣ ਤੋਂ ਬਾਅਦ ਈਰਾਨ ਨੇ ਪੰਜ ਅਰਬ ਦੇਸ਼ਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਘੱਟੋ-ਘੱਟ 380 ਮਿਜ਼ਾਈਲਾਂ ਅਤੇ 1,480 ਤੋਂ ਵੱਧ ਡਰੋਨ ਦਾਗੇ ਹਨ। ਇਨ੍ਹਾਂ ਹਮਲਿਆਂ ਵਿੱਚ ਹੁਣ ਤੱਕ 13 ਲੋਕਾਂ ਦੀ ਮੌਤ ਹੋ ਚੁੱਕੀ ਹੈ। ਸਭ ਤੋਂ ਵੱਡਾ ਹਮਲਾ ਕੁਵੈਤ ਵਿੱਚ ਹੋਇਆ, ਜਿੱਥੇ ਇੱਕ ਡਰੋਨ ਸਟ੍ਰਾਈਕ ਵਿੱਚ 6 ਅਮਰੀਕੀ ਫੌਜੀ ਮਾਰੇ ਗਏ ਹਨ। ਇਹ ਹਮਲਾ ਇੱਕ ਸਿਵਲੀਅਨ ਪੋਰਟ 'ਤੇ ਸਥਿਤ ਆਪਰੇਸ਼ਨ ਸੈਂਟਰ 'ਤੇ ਹੋਇਆ, ਜਿਸ ਕੋਲ ਕੋਈ ਰੱਖਿਆ ਪ੍ਰਣਾਲੀ ਨਹੀਂ ਸੀ। ਖਾੜੀ ਦੇਸ਼ਾਂ ਦੇ ਅਧਿਕਾਰੀਆਂ ਨੇ ਨਾਮ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਅਮਰੀਕੀ ਫੌਜ ਸਿਰਫ ਇਜ਼ਰਾਈਲ ਅਤੇ ਆਪਣੇ ਸੈਨਿਕਾਂ ਦੀ ਰੱਖਿਆ ਕਰਨ 'ਤੇ ਧਿਆਨ ਦੇ ਰਹੀ ਹੈ, ਜਦਕਿ ਖਾੜੀ ਦੇਸ਼ਾਂ ਨੂੰ ਈਰਾਨੀ ਹਮਲਿਆਂ ਅੱਗੇ ਨਿਹੱਥਾ ਛੱਡ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਇੰਟਰਸੈਪਟਰਾਂ ਦਾ ਸਟਾਕ ਤੇਜ਼ੀ ਨਾਲ ਖਤਮ ਹੋ ਰਿਹਾ ਹੈ। ਸਾਊਦੀ ਅਰਬ ਦੇ ਸਾਬਕਾ ਖੁਫੀਆ ਮੁਖੀ ਪ੍ਰਿੰਸ ਤੁਰਕੀ ਅਲ-ਫੈਜ਼ਲ ਨੇ ਖੁੱਲ੍ਹ ਕੇ ਕਿਹਾ ਹੈ ਕਿ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਰਾਸ਼ਟਰਪਤੀ ਟਰੰਪ ਨੂੰ ਇਸ "ਬੇਲੋੜੀ ਜੰਗ" ਵਿੱਚ ਘਸੀਟਿਆ ਹੈ। ਦੂਜੇ ਪਾਸੇ, ਵ੍ਹਾਈਟ ਹਾਊਸ ਦੀ ਬੁਲਾਰਨ ਐਨਾ ਕੈਲੀ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ 'ਆਪ੍ਰੇਸ਼ਨ ਐਪਿਕ ਫਿਊਰੀ' ਰਾਹੀਂ ਈਰਾਨ ਦੀ ਹਮਲਾ ਕਰਨ ਦੀ ਸਮਰੱਥਾ ਨੂੰ 90 ਫੀਸਦੀ ਤੱਕ ਕੁਚਲ ਦਿੱਤਾ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਰਾਸ਼ਟਰਪਤੀ ਟਰੰਪ ਸਾਰੇ ਖੇਤਰੀ ਭਾਈਵਾਲਾਂ ਦੇ ਸੰਪਰਕ ਵਿੱਚ ਹਨ।







## ਪੰਜਾਬ 'ਚ ਇੱਕ ਹੋਰ ਸਰਪੰਚ ਦਾ ਗੋਲੀਆਂ ਮਾਰ ਕੇ ਕਤਲ

**ਮੋਗਾ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਕਾਨੂੰਨ ਵਿਵਸਥਾ ਦਾ ਜਨਾਜ਼ਾ ਨਿਕਲਦਾ ਵਿਖਾਈ ਦੇ ਰਿਹਾ ਹੈ। ਰੋਜ਼ਾਨਾ ਲੁੱਟਾਂ-ਖੋਹਾਂ ਤੇ ਕਤਲਾਂ ਦੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। 'ਆਪ' ਸਰਪੰਚ ਹਰਬਰਿੰਦਰ ਸਿੰਘ ਦੇ ਕਤਲ ਦਾ ਮਾਮਲਾ ਪੂਰੀ ਤਰ੍ਹਾਂ ਠੰਢਾ ਨਹੀਂ ਹੋਇਆ ਕਿ ਇੱਕ ਹੋਰ ਤਾਜ਼ਾ ਮਾਮਲਾ ਮੋਗਾ ਤੋਂ ਸਾਹਮਣੇ ਆਇਆ ਹੈ। ਬਾਘਾਪੁਰਾਣੇ ਦੇ ਪਿੰਡ ਪੱਤੋਂ ਦੇ ਸਰਪੰਚ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ, ਹਰਵਿੰਦਰ ਸਿੰਘ ਹੈਪੀ ਪਿੰਡ ਪੱਤੋਂ ਦਾ ਮੌਜੂਦਾ ਸਰਪੰਚ ਸੀ, ਜੋ ਕਿ ਘਟਨਾ ਸਮੇਂ ਬਾਘਾਪੁਰਾਣਾ ਵਿਖੇ ਕੋਟਕਪੂਰਾ ਰੋਡ 'ਤੇ ਪੰਪ ਕੋਲ ਸੀ, ਜਿਸ ਦੌਰਾਨ ਇੱਕ ਫਾਰਚੂਨਰ ਸਵਾਰ ਹਥਿਆਰਬੰਦ ਵਿਅਕਤੀਆਂ ਨੇ ਉਸ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਹਮਲੇ ਵਿੱਚ ਸਰਪੰਚ ਹੈਪੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਆਸ ਪਾਸ ਦੇ ਲੋਕਾਂ ਵੱਲੋਂ ਹਸਪਤਾਲ ਦਾਖਲ ਕਰਵਾਇਆ ਗਿਆ, ਪਰੰਤੂ ਕੁੱਝ ਸਮੇਂ ਬਾਅਦ ਉਸ ਦੀ ਮੌਤ ਹੋ ਗਈ। ਪੰਜਾਬ ਸਿੱਖਿਆ ਖ਼ਬਰਾਂ ਘਟਨਾ ਪਿੱਛੇ ਮੁੱਢਲੇ ਤੌਰ 'ਤੇ ਮੁਲਜ਼ਮਾਂ ਵੱਲੋਂ ਕਿਸੇ ਪੁਰਾਣੀ ਰੰਜਿਸ਼ ਨੂੰ ਲੈ ਕੇ ਹੈਪੀ ਸਰਪੰਚ 'ਤੇ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ।



## ਭਾਰਤ ਲਈ ਵੱਡੀ ਰਾਹਤ ! ਅਮਰੀਕਾ ਨੇ ਰੂਸ ਤੋਂ ਤੇਲ ਖਰੀਦਣ ਲਈ 30 ਦਿਨ ਦੀ ਦਿੱਤੀ 'ਸਪੈਸ਼ਲ ਛੋਟ'

**ਨਵੀਂ ਦਿੱਲੀ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ ਵਿੱਚ ਚੱਲ ਰਹੇ ਤਣਾਅ ਦੇ ਵਿਚਕਾਰ ਭਾਰਤ ਤੇਲ ਸੰਕਟ ਦੇ ਖ਼ਤਰੇ ਦਾ ਸਾਹਮਣਾ ਕਰ ਰਿਹਾ ਹੈ। ਇਸ ਦੌਰਾਨ, ਅਮਰੀਕਾ ਨੇ ਭਾਰਤ ਬਾਰੇ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਅਮਰੀਕਾ ਨੇ ਭਾਰਤ ਨੂੰ ਰੂਸੀ ਤੇਲ ਖਰੀਦਣ ਤੋਂ 30 ਦਿਨਾਂ ਦੀ ਅਸਥਾਈ ਛੋਟ ਦਿੱਤੀ ਹੈ। ਅਮਰੀਕਾ ਵੱਲੋਂ ਪਹਿਲਾਂ ਭਾਰਤ 'ਤੇ ਰੂਸੀ ਤੇਲ ਦਰਾਮਦ ਘਟਾਉਣ ਲਈ ਦਬਾਅ ਪਾਇਆ ਜਾ ਰਿਹਾ ਸੀ, ਪਰ ਹੁਣ ਭਾਰਤੀ ਰਿਫਾਇਨਰੀਆਂ ਨੂੰ ਰੂਸੀ ਤੇਲ ਖਰੀਦਣ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਨਾਲ ਸਮੁੰਦਰ ਵਿੱਚ ਫਸੇ ਰੂਸੀ ਟੈਂਕਰਾਂ (ਤੇਲ ਜਹਾਜ਼ਾਂ) ਨੂੰ ਰਾਹਤ ਮਿਲੇਗੀ, ਜਿਨ੍ਹਾਂ ਦੇ ਖਰੀਦਦਾਰ ਨਹੀਂ ਮਿਲ ਰਹੇ ਸਨ। ਰਾਇਟਰਜ਼ ਦੇ ਅਨੁਸਾਰ, ਦੋ ਸੀਨੀਅਰ ਅਮਰੀਕੀ ਅਧਿਕਾਰੀਆਂ ਨੇ ਵੀਰਵਾਰ ਨੂੰ ਰਾਇਟਰਜ਼ ਨੂੰ ਦੱਸਿਆ ਕਿ ਵਾਸ਼ਿੰਗਟਨ ਨੇ ਰੂਸ ਦੇ ਊਰਜਾ ਖੇਤਰ 'ਤੇ ਮੌਜੂਦਾ ਪਾਬੰਦੀਆਂ ਨਾਲ ਸਬੰਧਤ ਪਾਬੰਦੀਆਂ ਦੇ ਬਾਵਜੂਦ ਸ਼ਿਪਮੈਂਟ ਨੂੰ ਅੱਗੇ ਵਧਾਉਣ ਦੀ ਆਗਿਆ ਦੇਣ ਲਈ 30 ਦਿਨਾਂ ਦੀ ਛੋਟ ਨੂੰ ਮਨਜ਼ੂਰੀ ਦੇ ਦਿੱਤੀ ਹੈ। ਯੂਕਰੇਨ ਯੁੱਧ ਸ਼ੁਰੂ ਹੋਣ ਤੋਂ ਬਾਅਦ ਅਮਰੀਕਾ ਨੇ ਕਈ ਦੇਸ਼ਾਂ ਨੂੰ ਰੂਸੀ ਤੇਲ ਨਾ ਖਰੀਦਣ ਦੀ ਧਮਕੀ ਦਿੱਤੀ ਸੀ। ਪੱਛਮੀ ਦੇਸ਼ਾਂ ਨੇ ਮਾਸਕੋ 'ਤੇ ਵੀ ਪਾਬੰਦੀਆਂ ਲਗਾਈਆਂ। ਹਾਲਾਂਕਿ, ਭਾਰਤ ਰੂਸੀ ਤੇਲ ਦੇ ਸਭ ਤੋਂ ਵੱਡੇ ਖਰੀਦਦਾਰਾਂ ਵਿੱਚੋਂ ਇੱਕ ਵਜੋਂ ਉਭਰਿਆ ਸੀ। ਟਰੰਪ ਦੀਆਂ ਧਮਕੀਆਂ ਦੇ ਬਾਵਜੂਦ, ਭਾਰਤ ਰੂਸੀ ਤੇਲ ਖਰੀਦਣਾ ਜਾਰੀ ਰੱਖਿਆ, ਜਿਸ ਨਾਲ ਇਹ ਸਪੱਸ਼ਟ ਸੁਨੇਹਾ ਗਿਆ ਕਿ ਭਾਰਤ ਆਪਣਾ ਤੇਲ ਕਿੱਥੋਂ ਖਰੀਦਣਾ ਹੈ, ਇਹ ਫੈਸਲਾ ਕਰੇਗਾ। ਦਰਅਸਲ, ਰੂਸੀ ਤੇਲ ਟੈਂਕਰ ਸਮੁੰਦਰ ਵਿੱਚ ਫਸੇ ਹੋਏ ਸਨ ਕਿਉਂਕਿ ਨਵੀਆਂ ਅਮਰੀਕੀ ਪਾਬੰਦੀਆਂ ਅਤੇ ਭੁਗਤਾਨ/ਬੀਮੇ 'ਤੇ ਅਨਿਸ਼ਚਿਤਤਾ ਕਾਰਨ ਉਨ੍ਹਾਂ ਦਾ ਤੇਲ ਤੁਰੰਤ ਨਹੀਂ ਉਤਾਰਿਆ ਜਾ ਰਿਹਾ ਸੀ। ਅਮਰੀਕਾ ਨੇ ਰੂਸੀ ਤੇਲ ਵਿੱਚ ਸ਼ਾਮਲ ਕੁਝ ਸ਼ਿਪਿੰਗ ਕੰਪਨੀਆਂ ਅਤੇ ਟੈਂਕਰਾਂ 'ਤੇ ਸਖ਼ਤ ਪਾਬੰਦੀਆਂ ਲਗਾਈਆਂ ਸਨ, ਜਿਸ ਨਾਲ ਕਈ ਜਹਾਜ਼ਾਂ ਲਈ ਬੀਮਾ, ਭੁਗਤਾਨ ਅਤੇ ਬੰਦਰਗਾਹ ਪ੍ਰਵੇਸ਼ ਬਾਰੇ ਸਵਾਲ ਖੜ੍ਹੇ ਹੋਏ ਸਨ। ਭਾਰਤੀ ਰਿਫਾਇਨਰ ਵੀ ਇੰਤਜ਼ਾਰ ਕਰਨ ਲੱਗ ਪਏ, ਇਹ ਸੋਚਦੇ ਹੋਏ ਕਿ ਕੀ ਤੇਲ ਖਰੀਦਣਾ ਨਿਯਮਾਂ ਦੇ ਵਿਰੁੱਧ ਹੋਵੇਗਾ। ਇਸ ਲਈ, ਜਹਾਜ਼ਾਂ ਨੂੰ ਕੁਝ ਸਮੇਂ ਲਈ ਸਮੁੰਦਰ ਵਿੱਚ ਰੋਕਿਆ ਗਿਆ ਸੀ। ਤਾਜ਼ਾ ਜਾਣਕਾਰੀ ਦੇ ਅਨੁਸਾਰ, ਸਰਕਾਰੀ ਮਾਲਕੀ ਵਾਲੀਆਂ ਰਿਫਾਇਨਰੀਆਂ - ਇੰਡੀਅਨ ਆਇਲ ਕਾਰਪੋਰੇਸ਼ਨ, ਭਾਰਤ ਪੈਟਰੋਲੀਅਮ ਕਾਰਪੋਰੇਸ਼ਨ, ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ, ਅਤੇ ਮੰਗਲੌਰ ਰਿਫਾਇਨਰੀ ਐਂਡ ਪੈਟਰੋ ਕੈਮੀਕਲਜ਼ ਲਿਮਟਿਡ - ਪਹਿਲਾਂ ਹੀ ਵਪਾਰੀਆਂ ਨਾਲ ਰੂਸੀ ਕੱਚਾ ਤੇਲ ਖਰੀਦਣ ਲਈ ਗੱਲਬਾਤ ਕਰ ਰਹੀਆਂ ਹਨ ਤਾਂ ਜੋ ਜਲਦੀ ਡਿਲੀਵਰੀ ਕੀਤੀ ਜਾ ਸਕੇ।

## ਅਸਾਮ 'ਚ ਭਾਰਤੀ ਹਵਾਈ ਫੌਜ ਦਾ ਸੁਖੋਈ ਜਹਾਜ਼ ਹਾਦਸਾਗ੍ਰਸਤ, ਦੋ ਪਾਇਲਟਾਂ ਦੀ ਮੌਤ



**ਨਵੀਂ ਦਿੱਲੀ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਵੀਰਵਾਰ ਸ਼ਾਮ ਨੂੰ ਅਸਾਮ ਦੇ ਕਾਰਬੀ ਅੰਗਲੋਂਗ ਜ਼ਿਲ੍ਹੇ ਵਿੱਚ ਹਾਦਸਾਗ੍ਰਸਤ ਹੋਏ ਸੁਖੋਈ ਐਸਯੂ-30 ਐਮਕੇਆਈ ਲੜਾਕੂ ਜਹਾਜ਼ ਦੇ ਦੋਵੇਂ ਪਾਇਲਟਾਂ ਦੀ ਇਸ ਹਾਦਸੇ ਵਿੱਚ ਮੌਤ ਹੋ ਗਈ ਹੈ। ਹਵਾਈ ਸੈਨਾ ਦੇ ਇੱਕ ਅਧਿਕਾਰਤ ਬਿਆਨ ਅਨੁਸਾਰ, ਸਕੁਐਡਰਨ ਲੀਡਰ ਅਨੁਜ ਅਤੇ ਫਲਾਈਟ ਲੈਫਟੀਨੈਂਟ ਪੂਰਵੇਸ਼ ਦੁਰਗਾਕਰ ਇਸ ਘਾਤਕ ਹਾਦਸੇ ਵਿੱਚ ਸ਼ਹੀਦ ਹੋ ਗਏ। ਹਵਾਈ ਸੈਨਾ ਦੇ ਅਨੁਸਾਰ, ਜਹਾਜ਼ ਵੀਰਵਾਰ ਸ਼ਾਮ ਨੂੰ ਇੱਕ ਨਿਯਮਤ ਸਿਖਲਾਈ ਮਿਸ਼ਨ 'ਤੇ ਸੀ। ਜਹਾਜ਼ ਨੇ ਅਸਾਮ ਦੇ ਜੋਰਹਾਟ ਹਵਾਈ ਸੈਨਾ ਸਟੇਸ਼ਨ ਤੋਂ ਉਡਾਣ ਭਰੀ। ਵੀਰਵਾਰ ਸ਼ਾਮ 7:42 ਵਜੇ ਰਾਡਾਰ ਅਤੇ ਜ਼ਮੀਨੀ ਕੰਟਰੋਲ ਨਾਲ ਸੰਪਰਕ ਟੁੱਟ ਗਿਆ। ਜਹਾਜ਼ ਨੂੰ ਦੇਰ ਨਾਲ ਉਡਾਣ ਭਰਨ ਦਾ ਐਲਾਨ ਕੀਤਾ ਗਿਆ ਅਤੇ ਤੁਰੰਤ ਇੱਕ ਵਿਸ਼ਾਲ ਖੋਜ ਮੁਹਿੰਮ ਸ਼ੁਰੂ ਕੀਤੀ ਗਈ। ਇਹ ਜਹਾਜ਼ ਜੋਰਹਾਟ ਤੋਂ ਲਗਭਗ 60 ਕਿਲੋਮੀਟਰ ਦੂਰ ਕਾਰਬੀ ਅੰਗਲੋਂਗ ਜ਼ਿਲ੍ਹੇ ਦੇ ਬੋਕਾਜਾਨ ਦੇ ਇੱਕ ਦੂਰ-ਦੁਰਾਡੇ ਪਹਾੜੀ ਖੇਤਰ ਵਿੱਚ ਹਾਦਸਾਗ੍ਰਸਤ ਹੋ ਗਿਆ। ਸਥਾਨਕ ਨਿਵਾਸੀਆਂ ਨੇ ਪੁਲਿਸ ਨੂੰ ਸੂਚਨਾ ਦਿੱਤੀ ਕਿ ਉਨ੍ਹਾਂ ਨੇ ਸ਼ਾਮ ਨੂੰ ਇੱਕ ਜ਼ੋਰਦਾਰ ਧਮਾਕੇ ਅਤੇ ਹਾਦਸੇ ਦੀ ਆਵਾਜ਼ ਸੁਣੀ। ਖਰਾਬ ਮੌਸਮ ਅਤੇ ਮੁਸ਼ਕਲ ਇਲਾਕਿਆਂ ਦੇ ਬਾਵਜੂਦ, ਬਚਾਅ ਟੀਮਾਂ ਸ਼ੁੱਕਰਵਾਰ ਸਵੇਰੇ ਹਾਦਸੇ ਵਾਲੀ ਥਾਂ 'ਤੇ ਪਹੁੰਚਣ ਵਿੱਚ ਕਾਮਯਾਬ ਰਹੀਆਂ ਅਤੇ ਦੋਵਾਂ ਦੀਆਂ ਲਾਸ਼ਾਂ ਲੱਭੀਆਂ। ਭਾਰਤੀ ਹਵਾਈ ਫੌਜ ਨੇ ਸ਼ੁੱਕਰਵਾਰ ਸਵੇਰੇ ਇੱਕ ਭਾਵੁਕ ਸੰਦੇਸ਼ ਸਾਂਝਾ ਕੀਤਾ, ਜਿਸ ਵਿੱਚ ਕਿਹਾ ਗਿਆ, "ਭਾਰਤੀ ਹਵਾਈ ਸੈਨਾ ਸਕੁਐਡਰਨ ਲੀਡਰ ਅਨੁਜ ਅਤੇ ਫਲਾਈਟ ਲੈਫਟੀਨੈਂਟ ਪੂਰਵੇਸ਼ ਦੁਰਗਾਕਰ ਦੇ ਦੇਹਾਂਤ 'ਤੇ ਡੂੰਘਾ ਸੋਗ ਪ੍ਰਗਟ ਕਰਦੀ ਹੈ, ਜਿਨ੍ਹਾਂ ਨੇ ਇਸ ਸੁਖੋਈ ਹਾਦਸੇ ਵਿੱਚ ਆਪਣੀ ਜਾਨ ਗੁਆ ਦਿੱਤੀ। ਹਵਾਈ ਸੈਨਾ ਦੇ ਸਾਰੇ ਕਰਮਚਾਰੀ ਸੋਗ ਦੀ ਇਸ ਘੜੀ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ।"

## ਨੈਨਸੀ ਗਰੇਵਾਲ ਦੇ ਕਤਲ ਦਾ ਅਸਲ ਕਾਰਨ ਆਇਆ ਸਾਹਮਣੇ ! ਆਕਾਸ਼ ਹਰੀਕੇ ਗੈਂਗਸਟਰ ਨੇ ਪੋਸਟ ਪਾ ਕੇ ਲਈ ਜ਼ਿੰਮੇਵਾਰੀ

**ਟੋਰਾਂਟੋ (ਕੈਨੇਡਾ), 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ ਇੰਫਲੂਐਂਸਰ ਨੈਨਸੀ ਗਰੇਵਾਲ ਦਾ ਕੈਨੇਡਾ 'ਚ ਬੀਤੇ ਦਿਨ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਜਿਸ ਪਿੱਛੋਂ ਉਸ ਦੇ ਕਤਲ ਨੂੰ ਲੈ ਕੇ ਮੁੱਢਲੇ ਤੌਰ 'ਤੇ ਕਈ ਤਰ੍ਹਾਂ ਦੇ ਕਾਰਨ ਸਾਹਮਣੇ ਆ ਰਹੇ ਸਨ। ਹੁਣ ਇਸ ਮਾਮਲੇ ਵਿੱਚ ਨਵਾਂ ਮੋੜ ਆਇਆ ਹੈ। ਕਤਲ ਦੀ ਗੈਂਗਸਟਰ ਹਰੀਕੇ ਨੇ ਜ਼ਿੰਮੇਵਾਰੀ ਲਈ ਹੈ, ਜਿਸ ਦੀ ਇੱਕ ਸੋਸ਼ਲ ਮੀਡੀਆ ਪੋਸਟ ਸਾਹਮਣੇ ਆਈ ਹੈ। (ਪੀਟੀਸੀ ਨਿਊਜ਼ ਇਸ ਪੋਸਟ ਦੇ ਪੁਖਤਾ ਹੋਣ ਬਾਰੇ ਪੁਸ਼ਟੀ ਨਹੀਂ ਕਰਦਾ ਹੈ।) ਦੱਸ ਦਈਏ ਕਿ ਮੰਗਲਵਾਰ (3 ਮਾਰਚ) ਰਾਤ ਨੂੰ ਕੈਨੇਡਾ ਦੇ ਵਿੰਡਸਰ ਵਿੱਚ ਨੈਨਸੀ ਦੀ ਉਸਦੇ ਘਰ ਵਿੱਚ ਚਾਕੂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਨੈਨਸੀ ਦੀ ਮਾਂ ਛਿੰਦਰਪਾਲ ਕੌਰ ਨੇ ਦੱਸਿਆ ਕਿ ਉਸਦੀ ਧੀ ਇੱਕ ਘਰ ਵਿੱਚ ਨਰਸਿੰਗ ਕੇਅਰ ਦੇਣ ਗਈ ਸੀ। ਜਿਵੇਂ ਹੀ ਉਹ ਬਾਹਰ ਆਈ, ਦੋ ਆਦਮੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ, ਉਸਦੇ ਪੇਟ ਵਿੱਚ 20 ਵਾਰ ਚਾਕੂ ਮਾਰਿਆ। ਕੈਨੇਡੀਅਨ ਪੁਲਿਸ ਨਾਲ ਗੱਲਬਾਤ ਵਿੱਚ, ਹਮਲਾਵਰਾਂ ਨੇ ਨੈਨਸੀ ਦੀ ਜੀਭ ਵੀ ਕੱਟ ਦਿੱਤੀ।"



ਗੈਂਗਸਟਰ ਵੱਲੋਂ ਇੱਕ ਪੋਸਟ ਵਿੱਚ ਕਿਹਾ ਗਿਆ ਹੈ ਕਿ ਕਿ ਉਹ (ਨੈਨਸੀ) ਧਰਮਾਂ ਦੇ ਵਿਰੁੱਧ ਬੋਲਦੀ ਸੀ, ਇਸ ਲਈ ਉਸਨੂੰ ਮਾਰਿਆ ਗਿਆ ਹੈ। ਆਕਾਸ਼ ਹਰੀਕੇ ਅਤੇ ਸੁੱਖਾ ਸੰਧੂ ਨੇ ਸੋਸ਼ਲ ਮੀਡੀਆ ਪੋਸਟ ਰਾਹੀਂ ਇਸ ਕਤਲ ਦੀ ਜ਼ਿੰਮੇਵਾਰੀ ਲੈਂਦਿਆਂ ਲਿਖਿਆ, "ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ। ਵਿੰਡਸਰ, ਓਨਟਾਰੀਓ (ਕੈਨੇਡਾ) ਵਿੱਚ ਨੈਨਸੀ ਗਰੇਵਾਲ ਦਾ ਕਤਲ ਸਾਡੇ ਭਰਾਵਾਂ ਨੇ ਕੀਤਾ ਸੀ। ਮੈਂ, ਆਕਾਸ਼ ਹਰੀਕੇ ਅਤੇ ਸੁੱਖਾ ਸੰਧੂ ਇਸ ਦੀ ਜ਼ਿੰਮੇਵਾਰੀ ਲੈਂਦੇ ਹਾਂ। ਇਸ ਔਰਤ ਨੇ ਧਰਮ ਅਤੇ ਖਾਲਿਸਤਾਨ ਬਾਰੇ ਬੁਰਾ-ਭਲਾ ਕਿਹਾ ਸੀ, ਅਤੇ ਉਸਨੂੰ ਇਸਦੇ ਨਤੀਜੇ ਭੁਗਤਣੇ ਪਏ ਹਨ। ਸਾਡੀ ਕਿਸੇ ਵੀ ਧਰਮ ਨਾਲ ਕੋਈ ਦੁਸ਼ਮਣੀ ਨਹੀਂ ਹੈ। ਪਰ ਜੋ ਕੋਈ ਵੀ ਉਸ ਵਾਂਗ ਭਾਈਚਾਰੇ ਵਿਰੁੱਧ ਬੋਲਦਾ ਹੈ, ਉਸਦਾ ਵੀ ਇਹੀ ਹਾਲ ਹੋਵੇਗਾ।"

ਨੈਨਸੀ ਗਰੇਵਾਲ ਦਾ ਪਰਿਵਾਰ ਉਸਦੇ ਕਤਲ ਤੋਂ ਬਾਅਦ ਡੂੰਘੇ ਸਦਮੇ ਵਿੱਚ ਹੈ। ਨੈਨਸੀ ਦੀ ਮਾਂ, ਜੋ ਕਿ ਜਲੰਧਰ ਦੇ ਦਿਓਲ ਨਗਰ ਦੀ ਰਹਿਣ ਵਾਲੀ ਹੈ, ਨੇ ਕਿਹਾ ਕਿ ਉਸਦੀ ਧੀ ਨੂੰ ਉਸਦੇ ਦੁਸ਼ਮਣਾਂ ਨੇ ਬੇਰਹਿਮੀ ਨਾਲ ਮਾਰ ਦਿੱਤਾ ਸੀ। ਉਸਨੇ ਕਿਹਾ ਕਿ ਨੈਨਸੀ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਸਨ, ਪਰ ਕਿਸੇ ਨੇ ਵੀ ਉਸਦੀ ਸੁਰੱਖਿਆ ਨੂੰ ਗੰਭੀਰਤਾ ਨਾਲ ਨਹੀਂ ਲਿਆ। ਉਨ੍ਹਾਂ ਕਿਹਾ ਕਿ ਨੈਨਸੀ ਸੋਸ਼ਲ ਮੀਡੀਆ 'ਤੇ ਆਪਣੇ ਵਿਚਾਰਾਂ ਬਾਰੇ ਖੁੱਲ੍ਹ ਕੇ ਗੱਲ ਕਰਦੀ ਸੀ ਅਤੇ ਸੰਵੇਦਨਸ਼ੀਲ ਮੁੱਦਿਆਂ ਬਾਰੇ ਖੁੱਲ੍ਹ ਕੇ ਗੱਲ ਕਰਦੀ ਸੀ। ਉਸਨੇ ਇਲਜ਼ਾਮ ਲਗਾਇਆ ਕਿ ਇਸੇ ਕਾਰਨ ਕੁਝ ਲੋਕ ਉਸ ਪ੍ਰਤੀ ਦੁਸ਼ਮਣੀ ਵਾਲੇ ਹੋ ਗਏ ਹਨ। ਨੈਨਸੀ ਦੀ ਮਾਂ ਨੇ ਕਿਹਾ ਸੀ ਕਿ ਖਾਲਿਸਤਾਨੀ ਚਾਹੁੰਦੇ ਸਨ ਕਿ ਉਹ ਉਨ੍ਹਾਂ ਨਾਲ ਕੰਮ ਕਰੇ ਅਤੇ ਆਪਣੀਆਂ ਵਿਵਾਦਪੂਰਨ ਟਿੱਪਣੀਆਂ ਲਈ ਮੁਆਫੀ ਮੰਗੇ। ਪਰ ਨੈਨਸੀ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ। ਉਸਦੀ ਮਾਂ ਨੇ ਕਿਹਾ ਕਿ ਜੇ ਜੰਗ ਨਾ ਹੁੰਦੀ, ਤਾਂ ਉਹ ਸ਼ਾਇਦ ਉੱਥੇ ਹੁੰਦੀ ਅਤੇ ਉਸਦੀ ਧੀ ਅਜੇ ਵੀ ਜ਼ਿੰਦਾ ਹੁੰਦੀ।

## ਦਿੱਲੀ ਦੇ ਉਪ-ਰਾਜਪਾਲ ਬਣੇ ਤਰਨਜੀਤ ਸਿੰਘ ਸੰਧੂ, ਅੰਮ੍ਰਿਤਸਰ ਲਈ ਕੇਂਦਰੀ ਪ੍ਰੋਜੈਕਟਾਂ ਦੀ ਵਧੀ ਉਮੀਦ

**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤ ਸਰਕਾਰ ਵੱਲੋਂ ਦੇਸ਼ ਦੀ ਰਾਜਧਾਨੀ ਦਿੱਲੀ ਦੇ ਪ੍ਰਸ਼ਾਸਨਿਕ ਢਾਂਚੇ ਵਿੱਚ ਵੱਡਾ ਫੇਰਬਦਲ ਕਰਦਿਆਂ ਸਾਬਕਾ ਸੀਨੀਅਰ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਦਿੱਲੀ ਦਾ ਨਵਾਂ ਉਪ-ਰਾਜਪਾਲ ਨਿਯੁਕਤ ਕੀਤਾ ਗਿਆ ਹੈ। 1988 ਬੈਚ ਦੇ ਭਾਰਤੀ ਵਿਦੇਸ਼ ਸੇਵਾ ਦੇ ਅਧਿਕਾਰੀ ਰਹੇ ਸੰਧੂ ਸਮੁੰਦਰੀ ਦੀ ਇਸ ਨਿਯੁਕਤੀ ਨੇ ਨਾ ਸਿਰਫ਼ ਦਿੱਲੀ ਦੇ ਸਿਆਸੀ ਗਲਿਆਰਿਆਂ ਵਿੱਚ ਹਲਚਲ ਤੇਜ਼ ਕਰ ਦਿੱਤੀ ਹੈ, ਸਗੋਂ ਪੰਜਾਬ, ਖ਼ਾਸਕਰ ਅੰਮ੍ਰਿਤਸਰ ਦੇ ਸਰਹੱਦੀ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ ਹੈ। ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਪਿਛੋਕੜ ਬੇਹੱਦ ਪ੍ਰਭਾਵਸ਼ਾਲੀ ਅਤੇ ਪੰਥਕ ਰਿਵਾਇਤਾਂ ਨਾਲ ਜੁੜਿਆ ਹੋਇਆ ਹੈ। ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ ਸਵ. ਜਥੇ.ਤੇਜਾ ਸਿੰਘ ਸਮੁੰਦਰੀ ਦੇ ਪੋਤੇ ਹਨ। ਸੰਧੂ ਸਮੁੰਦਰੀ ਨੇ ਆਪਣੇ ਦਹਾਕਿਆਂ ਲੰਬੇ ਡਿਪਲੋਮੈਟਿਕ ਕਰੀਅਰ ਦੌਰਾਨ ਅਮਰੀਕਾ ਅਤੇ ਸ੍ਰੀਲੰਕਾ ਵਰਗੇ ਮਹੱਤਵਪੂਰਨ ਦੇਸ਼ਾਂ ਵਿੱਚ ਭਾਰਤ ਦੇ ਰਾਜਦੂਤ ਵਜੋਂ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਦੀ ਇਸ ਨਿਯੁਕਤੀ ਨੂੰ ਕੇਂਦਰ ਸਰਕਾਰ ਵੱਲੋਂ ਪ੍ਰਸ਼ਾਸਨਿਕ ਮਾਹਿਰਾਂ 'ਤੇ ਭਰੋਸਾ ਜਤਾਉਣ ਵਜੋਂ ਦੇਖਿਆ ਜਾ ਰਿਹਾ ਹੈ। ਸੰਧੂ ਸਮੁੰਦਰੀ ਦੀ ਦਿੱਲੀ ਵਿੱਚ ਇਸ ਅਹਿਮ ਅਹੁਦੇ 'ਤੇ ਨਿਯੁਕਤੀ ਨਾਲ ਅੰਮ੍ਰਿਤਸਰ ਦੇ ਸਰਹੱਦੀ ਇਲਾਕਿਆਂ ਨੂੰ ਸਿੱਧਾ ਫਾਇਦਾ ਹੋਣ ਦੀ ਉਮੀਦ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਅੰਮ੍ਰਿਤਸਰ ਸੰਧੂ ਸਮੁੰਦਰੀ ਦਾ ਜੱਦੀ ਸ਼ਹਿਰ ਹੈ। ਉਨ੍ਹਾਂ ਦੇ ਦਿੱਲੀ ਦੇ ਸੱਤਾ ਕੇਂਦਰ ਵਿੱਚ ਪ੍ਰਭਾਵਸ਼ਾਲੀ ਹੋਣ ਨਾਲ ਅੰਮ੍ਰਿਤਸਰ ਲਈ ਕੇਂਦਰੀ ਫੰਡਾਂ ਅਤੇ ਵੱਡੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ (ਜਿਵੇਂ ਕਿ ਸਮਾਰਟ ਸਿਟੀ ਅਤੇ ਟੂਰਿਜ਼ਮ ਸੈਕਟਰ) ਨੂੰ ਮਨਜ਼ੂਰੀ ਮਿਲਣੀ ਸੌਖੀ ਹੋ ਜਾਵੇਗੀ। ਵਿਦੇਸ਼ ਸੇਵਾਵਾਂ ਦਾ ਤਜਰਬਾ ਹੋਣ ਕਾਰਨ ਉਹ ਅੰਮ੍ਰਿਤਸਰ ਦੇ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਕਾਰਗੋ ਸੁਵਿਧਾਵਾਂ ਨੂੰ ਵਧਾਉਣ ਅਤੇ ਸਰਹੱਦੀ ਵਪਾਰ ਦੀਆਂ ਰੁਕਾਵਟਾਂ ਨੂੰ ਦੂਰ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਸੰਧੂ ਸਮੁੰਦਰੀ ਦੇ ਅੰਤਰਰਾਸ਼ਟਰੀ ਸਬੰਧਾਂ ਸਦਕਾ ਅੰਮ੍ਰਿਤਸਰ ਵਿੱਚ ਵਿਦੇਸ਼ੀ ਨਿਵੇਸ਼ ਅਤੇ ਫੂਡ ਪ੍ਰੋਸੈਸਿੰਗ ਯੂਨਿਟ ਲਗਾਉਣ ਲਈ ਨਵੇਂ ਰਾਹ ਖੁੱਲ੍ਹਣਗੇ ਜਿਸ ਨਾਲ ਸਥਾਨਕ ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ। ਇਸ ਇਤਿਹਾਸਕ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਸਮੇਤ ਭਾਜਪਾ ਦੇ ਸੀਨੀਅਰ ਲੀਡਰਸ਼ਿਪ ਦਾ ਤਹਿਦਿਲੋਂ ਧੰਨਵਾਦ ਵੀ ਕੀਤਾ।



ਸ਼ਹੀਦ ਭਾਈ ਤਾਰਾ ਸਿੰਘ ਵਾਂ ਦੇ ਸ਼ਹੀਦੀ ਦਿਹਾੜੇ ਦੀ 300 ਸਾਲਾ ਸ਼ਤਾਬਦੀ

# 9 ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋਵੇਗਾ ਗੁਰਸਿਖਾ ਇਕੋ ਪਿਆਰ ਖ਼ਾਲਸਈ ਮਾਰਚ

## ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਤੇ ਕਵਿਸ਼ਰ ਸਾਹਿਬਾਨ ਨਾਲ ਕੀਤੀ ਇਕੱਤਰਤਾ











**ਸ੍ਰੀ ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਤਾਰਾ ਸਿੰਘ ਜੀ ਵਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਸ਼ੁਰੂ ਕਰਨ ਤੋਂ ਪਹਿਲਾਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਤੇ ਕਵਿਸ਼ਰ ਸਾਹਿਬਾਨ ਨਾਲ ਇੱਕ ਵਿਸ਼ੇਸ਼ ਇਕੱਤਰਤਾ ਕੀਤੀ। ਇਸ ਦੌਰਾਨ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਤਾਰਾ ਸਿੰਘ ਜੀ ਵਾਂ ਦੀ ਸ਼ਹੀਦੀ ਸ਼ਤਾਬਦੀ ਨੂੰ ਮਨਾਉਣ ਲਈ ਵੱਡੇ ਉਪਰਾਲੇ ਕੀਤੇ ਗਏ ਹਨ। ਇਸੇ ਤਹਿਤ ਹੀ ਵੱਖ-ਵੱਖ ਪਿੰਡਾਂ ਤੋਂ ਨਗਰ ਕੀਰਤਨ ਤਰਨ ਤਾਰਨ ਜ਼ਿਲ੍ਹੇ ਦੇ ਵਾਂ ਪਿੰਡ ਪਹੁੰਣਗੇ ਅਤੇ 11 ਤੋਂ 14 ਮਾਰਚ ਤੱਕ ਉੱਥੇ ਵੱਡੇ ਪੱਧਰ ਉੱਤੇ ਸ਼ਤਾਬਦੀ ਦੇ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਤਹਿਤ ਹੀ ਮਿਤੀ 9 ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਗੁਰਸਿਖਾ ਇਕੋ ਪਿਆਰ ਗੁਰਮਿਤਾ ਪੁਤਾ ਭਾਈਆ' ਨਾਮ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ, ਪੰਜ ਪਿਆਰਿਆਂ ਦੀ ਅਗਵਾਈ ਵਿੱਚ ਖ਼ਾਲਸਈ ਮਾਰਚ ਸਜਾਏ ਜਾਣਗੇ। ਇਹ ਵਿਸ਼ੇਸ਼ ਨਗਰ ਕੀਰਤਨ 9 ਮਾਰਚ ਨੂੰ ਸਵੇਰੇ 9 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰੰਭ ਹੋ ਕੇ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਦੋ ਰਾਤਾਂ ਦੇ ਪੜਾਅ ਕਰਕੇ 11 ਮਾਰਚ ਨੂੰ ਵਾਂ ਪਿੰਡ ਵਿਖੇ ਸੰਪੂਰਨ ਹੋਵੇਗਾ। ਪਹਿਲੇ ਦਿਨ 9 ਮਾਰਚ ਨੂੰ ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ, ਘਿਓ ਮੰਡੀ, ਭੰਡਾਰੀ ਪੁਲ, ਚੀਫ਼ ਖ਼ਾਲਸਾ ਦੀਵਾਨ, ਪੁਤਲੀ ਘਰ, ਖ਼ਾਲਸਾ ਕਾਲਜ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਖੰਡਵਾਲਾ, ਗੁਰਦੁਆਰਾ ਛੇਹਰਟਾ ਸਾਹਿਬ, ਗੁਰੂ ਕੀ ਵਡਾਲੀ, ਗਮੂੰਵਾਲ, ਕੋਟਲੀ, ਗੁਰਦੁਆਰਾ ਸੰਨ੍ਹ ਸਾਹਿਬ, ਢੰਡ, ਕਸੇਲ, ਮੀਆਂਪੁਰ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਰਾਤਰੀ ਵਿਸ਼ਰਾਮ ਕਰੇਗਾ। ਦੂਜੇ ਦਿਨ 10 ਮਾਰਚ ਨੂੰ ਨਗਰ ਕੀਰਤਨ ਬਘਿਆੜੀ ਮੋੜ, ਝਬਾਲ ਅੱਡਾ, ਪੰਜਵੜ, ਗੱਗੋਬੂਆ, ਮੂਸੇ, ਛਿਛਰੇਵਾਲ, ਸੁਰ ਸਿੰਘ, ਸਿੰਘਪੁਰਾ, ਭਿੱਖੀਵਿੰਡ ਤੋਂ ਹੁੰਦਾ ਹੋਇਆ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਪਹੂਵਿੰਡ ਵਿਖੇ ਰਾਤਰੀ ਵਿਸ਼ਰਾਮ ਕਰੇਗਾ। ਤੀਸਰੇ ਦਿਨ 11 ਮਾਰਚ ਨੂੰ ਨਗਰ ਕੀਰਤਨ ਦਰਾਜਕੇ, ਪਹਿਲ ਵਾਨਕੇ, ਮਾੜੀ ਉਧੋਕੇ, ਮਾੜੀ ਕੰਬੋਕੇ ਤੋਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਪਿੰਡ ਪਹੁੰਚੇਗਾ। ਉਨ੍ਹਾਂ ਕਿਹਾ ਕਿ ਇਸ ਮਾਰਚ ਦਾ ਮਕਸਦ ਸਿੱਖ ਨੌਜਵਾਨੀ ਨੂੰ ਸਿੱਖੀ ਤੇ ਸਿੱਖ ਇਤਿਹਾਸ ਨਾਲ ਜੋੜਣਾ ਅਤੇ ਜੋ ਥੋੜਾ ਬਹੁਤਾ ਧਰਮ ਪਰਿਵਰਤਨ ਕਰਕੇ ਦੂਜੇ ਪਾਸੇ ਲੋਕ ਗਏ ਦੱਸੇ ਜਾ ਰਹੇ ਹਨ ਉਨ੍ਹਾਂ ਨੂੰ ਗੁਰੂ ਸਾਹਿਬ ਜੀ ਦਾ ਸੱਚਾ ਉਪਦੇਸ਼ ਦੇਣਾ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਇਸ ਨਗਰ ਕੀਰਤਨ ਵਿੱਚ ਵੱਧ ਤੋਂ ਵੱਧ ਸਹਿਯੋਗ ਅਤੇ ਸ਼ਮੂਲੀਅਤ ਕਰਨ ਲਈ ਕਿਹਾ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243










ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਐਡਵੋਕੇਟ ਧਾਮੀ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਾਨਕਸ਼ਾਹੀ ਸੰਮਤ 558 ਦਾ ਕੈਲੰਡਰ ਕੀਤਾ ਜਾਰੀ

## ਨਾਨਕਸ਼ਾਹੀ ਕੈਲੰਡਰ ਅਨੁਸਾਰ ਸੰਗਤਾਂ ਮਨਾਉਣ ਇਤਿਹਾਸਕ ਦਿਹਾੜੇ- ਗਿਆਨੀ ਕੁਲਦੀਪ ਸਿੰਘ ਗੜਗੱਜ



**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅੱਜ ਨਾਨਕਸ਼ਾਹੀ ਸੰਮਤ 558 (ਸੰਨ 2026-27) ਦਾ ਕੈਲੰਡਰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਜਾਰੀ ਕੀਤਾ। ਇਸ ਵਾਰ ਦਾ ਨਾਨਕਸ਼ਾਹੀ ਕੈਲੰਡਰ ਭਗਤ ਰਵਿਦਾਸ ਜੀ ਦੇ 650 ਸਾਲਾ ਜਨਮ ਦਿਹਾੜੇ ਅਤੇ ਸ੍ਰੀ ਕੀਰਤਪੁਰ ਸਾਹਿਬ 400 ਸਾਲਾ ਸਥਾਪਨਾ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਲੰਡਰ ਜਾਰੀ ਕਰਨ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਜਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਸਿੱਖਾਂ ਦਾ ਨਵਾਂ ਵਰ੍ਹਾ 1 ਚੇਤ ਤੋਂ ਸ਼ੁਰੂ ਹੁੰਦਾ ਹੈ ਅਤੇ ਇਸ ਦਿਨ ਹਰ ਗੁਰਦੁਆਰਾ ਸਾਹਿਬਾਨ ਅੰਦਰ ਗੁਰਮਤਿ ਸਮਾਗਮ ਕਰਕੇ ਇਸ ਦੀ ਆਰੰਭਤਾ ਕਰਨੀ ਚਾਹੀਦੀ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਨੂੰ ਮਾਣ ਹੈ ਕਿ ਇਸ ਦੀ ਮੌਲਿਕਤਾ ਅਤੇ ਵਿਲੱਖਣਤਾ ਨੂੰ ਦਰਸਾਉਂਦਾ ਆਪਣਾ ਕੈਲੰਡਰ ਹੈ ਅਤੇ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਨਾਉਣ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਸਿੱਖ ਜਗਤ ਨੂੰ ਨਾਨਕਸ਼ਾਹੀ ਕੈਲੰਡਰ ਹਰ ਗੁਰੂ-ਘਰ ਅਤੇ ਆਪੋ-ਆਪਣੇ ਘਰਾਂ ਵਿਚ ਲਗਾਉਣ ਦੀ ਅਪੀਲ ਵੀ ਕੀਤੀ।

### ਐਡਵੋਕੇਟ ਧਾਮੀ ਨੇ ਆਉਣ ਵਾਲੇ ਨਾਨਕਸ਼ਾਹੀ ਸੰਮਤ 558 ਦੀ ਸਿੱਖ ਜਗਤ ਨੂੰ ਦਿੱਤੀ ਵਧਾਈ

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਸਾਲ ਭਗਤ ਰਵਿਦਾਸ ਜੀ ਦਾ 650 ਸਾਲਾ ਜਨਮ ਦਿਹਾੜਾ ਅਤੇ ਸ੍ਰੀ ਕੀਰਤਪੁਰ ਸਾਹਿਬ ਦਾ 400 ਸਾਲਾ ਸਥਾਪਨਾ ਦਿਵਸ ਕੌਮ ਵੱਲੋਂ ਚੜ੍ਹਦੀ ਕਲਾ ਅਤੇ ਪੰਥਕ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੀ ਸ਼ਤਾਬਦੀ ਸਬੰਧੀ ਭਾਈਚਾਰੇ ਨਾਲ ਮਿਲ ਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ ਰੇਖਾ ਉਲੀਕੀ ਜਾਵੇਗੀ। ਇਸੇ ਤਰ੍ਹਾਂ ਹੀ ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਨੂੰ ਵੀ ਸਮੂਹ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ ਦੇ ਸਹਿਯੋਗ ਨਾਲ ਯਾਦਗਾਰੀ ਬਨਾਉਣ ਵਾਸਤੇ ਕਾਰਜ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਭਾਈ ਤਾਰਾ ਸਿੰਘ ਵਾਂ ਦੇ 300 ਸਾਲਾ ਸ਼ਹੀਦੀ ਸ਼ਤਾਬਦੀ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 11 ਤੋਂ 14 ਮਾਰਚ 2026 ਤੱਕ ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ ਸ਼ਤਾਬਦੀ ਸਮਾਗਮ ਹੋਣਗੇ। ਉਨ੍ਹਾਂ ਜਿਥੇ ਸੰਗਤਾਂ ਨੂੰ ਇਨ੍ਹਾਂ ਸ਼ਤਾਬਦੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ, ਉਥੇ ਹੀ ਨਾਨਕਸ਼ਾਹੀ ਸੰਮਤ 558 ਦੀ ਆਰੰਭਤਾ ਮੌਕੇ 13 ਮਾਰਚ ਦੀ ਰਾਤ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋ ਰਹੇ ਗੁਰਮਤਿ ਸਮਾਗਮ ਵਿਚ ਪੁੱਜਣ ਲਈ ਵੀ ਕਿਹਾ। ਐਡਵੋਕੇਟ ਧਾਮੀ ਨੇ ਆਉਣ ਵਾਲੇ ਨਾਨਕਸ਼ਾਹੀ ਸੰਮਤ 558 ਦੀ ਸਿੱਖ ਜਗਤ ਨੂੰ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੇਜਰ ਸਿੰਘ ਢਿੱਲੋਂ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਫੁੰਮਣ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਹਰਪਾਲ ਸਿੰਘ ਜੱਲ੍ਹਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਬਗੀਚਾ ਸਿੰਘ, ਸ. ਮਲਕੀਤ ਸਿੰਘ ਆਦਿ ਹਾਜ਼ਰ ਸਨ।

# ਫੌਜੀਆਂ ਲਈ ਜੰਗ ਕਿੰਨੀ ਖਤਰਨਾਕ ਹੁੰਦੀ



ਫੌਜੀਆਂ ਲਈ ਜੰਗ ਕਿੰਨੀ ਖਤਰਨਾਕ ਹੁੰਦੀ, ਇਕ ਦਿਨ ਇਸ ਵਿਸ਼ੇ ਤੇ ਸਾਬਕਾ ਫੌਜੀ ਕਾਮਰੇਡ ਬਲਕਾਰ ਦੁਧਾਲਾ ਨਾਲ ਗੱਲ ਚੱਲ ਰਹੀ ਸੀ,ਜਿੰਨਾ ਦੱਸਿਆ ਕਿ ਅਸੀ ਅਕਤੂਬਰ 1987 ਵਿਚ ਸ੍ਰੀ ਲੰਕਾ ਜੰਗ ਦੌਰਾਨ ਭਾਰਤ ਵਲੋਂ ਸਾਂਤੀ ਸੈਨਾ ਤਹਿਤ ਸਿੱਖ ਰੈਜਮੈਂਟ ਵਜੋਂ ਸ੍ਰੀ ਲੰਕਾ ਦੇ ਸ਼ਹਿਰ ਜਾਫਨਾਂ ਪਹੁੰਚੇ ਜਿਥੇ ਸਾਡਾ ਇਕ ਸਾਥੀ ਫੌਜੀ ਬਲਦੇਵ ਸਿੰਘ ਘਰਿਆਲਾ ਜੋ ਜਾਫਨਾਂ ਦੇ ਜੰਗਲਾਂ ਵਿਚ ਤਮਿਲਾਂ ਦੇ ਹਮਲੇ ਦੌਰਾਨ ਮਾਰਿਆ ਗਿਆ,ਜਿਥੇ ਉਸਨੂੰ ਉਸੇ ਜਗ੍ਹਾ ਟੋਆ ਪੁੱਟ ਦੱਬ ਦਿੱਤਾ ਗਿਆ ਕਹਿੰਦੇ ਇਹ ਘਟਨਾ ਬਹੁਤ ਹੈਰਾਨੀਜਨਕ ਸੀ।


ਸ਼ਮਸ਼ੇਰ ਸਿੰਘ ਜੇਠੂਵਾਲ

ਦੂਜਾ ਸਾਥੀ ਕੁਲਵੰਤ ਸਿੰਘ ਨੌਰੰਗਾਬਾਦ ਜਿਥੇ ਜੰਗਲ ਵਿਚ ਹੀ ਅੰਤਿਮ ਰਸਮਾਂ ਕੀਤੀਆਂ,ਬਲਦੇਵ ਸਿੰਘ ਦੇ ਘਰ ਉਸਦੇ ਕੱਪੜੇ ਸਾਜੋ ਸਮਾਨ ਕਾਮਰੇਡ ਸਾਬ ਵਾਪਸ ਲੈ ਕੇ ਆਏ,ਬੜਾ ਔਖਾ ਸਮਾਂ ਹੁੰਦਾ ਜੰਗਾਂ ਦਾ,ਸ਼ਹੀਦ ਹੋਏ ਸਿਪਾਹੀ ਅਫਸਰਾਂ ਚੋਂ ਲੈਫਟੀਨੈਂਟ ਟੀ.ਐਸ,ਸੀ ਨਾਗਰ ਦੇ ਕਰਨਲ ਪਿਤਾ ਬੀ.ਐਸ ਨਾਗਰ ਸ੍ਰੀ ਲੰਕਾ ਜਾ ਕੇ ਆਪਣੇ ਪੁੱਤ ਦੇ ਅੰਤਿਮ ਦਰਸ਼ਨਾਂ ਲਈ ਤਰਸਦਾ ਰਿਹਾ ਪਰ ਸੰਭਵ ਨਹੀ ਹੋਏ। ਬਿਸਤਰਿਆਂ ਵਿਚ ਬੈਠ ਗੱਲਾਂ ਕਰਨੀਆਂ ਬਹੁਤ ਸੌਖੀਆਂ ਹਨ, ਹਕੀਕਤਾਂ ਪੜ੍ਹ ਕੇ ਬਹੁਤ ਦੁੱਖ ਹੁੰਦਾ...ਇਰਾਨ ਇਜਰਾਇਲ ਅਮਰੀਕਾ ਯੁੱਧ ਦੌਰਾਨ ਕੋਈ ਵੀ ਮੁਲ਼ਕ ਜਿੱਤ ਸਕਦਾ ਹੈ,ਪਰ ਮਨੁੱਖਤਾ ਹੀ ਹਾਰ ਤੈਅ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਪੰਚ ਬਟੂਹਾਂ ਨੇ ਕਾਂਝਲਾ ਨੂੰ ਚੇਅਰਮੈਨ ਬਣਨ 'ਤੇ ਦਿੱਤੀ ਵਧਾਈ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਬਲਾਗ ਸੰਮਤੀ ਜੋਨ ਕਾਂਝਲਾ ਹਸਨਪੁਰ ਤੋਂ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਸੇਵਾ ਕਰਦੇ ਆ ਰਹੇ ਇੱਕ ਆਮ ਪਰਿਵਾਰ ਦੇ ਮੁੰਡੇ ਰਣਜੋਤ ਸਿੰਘ ਕਾਂਜਲਾ ਨੂੰ ਬਲਾਕ ਸੰਮਤੀ ਧੂਰੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਇਹ ਸਨ ਜੁਗਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਉੱਘੇ ਸਮਾਜ ਸੇਵੀ ਸਰਪੰਚ ਸਿਮਰਨਜੀਤ ਸਿੰਘ ਬਟੂਹਾ ਨੇ ਕਿਹਾ ਹੈ ਕਿ ਉਹ ਜਿੱਥੇ ਪਾਰਟੀ ਵੱਲੋਂ ਚੇਅਰਮੈਨ ਰਣਜੀਤ ਸਿੰਘ ਕਾਂਜਲਾ ਨੂੰ ਵਧਾਈ ਦਿੰਦੇ ਹਨ ਉੱਥੇ ਉਹ ਪੰਜਾਬ ਦੇ ਮੁੱਖ ਮੰਤਰੀ ਭਗਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ ਜਿਨਾਂ ਨੇ ਮਿਹਨਤੀ ਅਤੇ ਇਮਾਨਦਾਰ ਆਮ ਘਰ ਦੇ ਮੁੰਡੇ ਨੂੰ ਚੇਅਰਮੈਨ ਨੇਯੁਕਤ ਤ ਕਰਕੇ ਲੋਕਾਂ ਦਾ ਦਿਲ ਜਿੱਤਿਆ ਹੈ।


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਹੋਲੇ ਮਹੱਲੇ ਦਾ ਮਹਾਨ ਦਿਹਾੜਾ 7 ਅਤੇ 8 ਮਾਰਚ

## ਹੋਲੇ ਮਹੱਲੇ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 7 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 8 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਲੜੀਵਾਰ ਕਥਾ ਵਿਚਾਰ
ਗੁਰਦੁਆਰਾ
ਸੀਸ਼ ਗੰਜ ਸਾਹਿਬ
7 ਮਾਰਚ 2026 ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live on
PTC SIMRAN
ਗੁਰਦੁਆਰਾ
ਬੰਗਲਾ ਸਾਹਿਬ
8 ਮਾਰਚ 2026 ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live on
CHRDIKALA TIME TV
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਕਥਾ ਵਿਚਾਰ ਦੀ ਹਾਜ਼ਰੀ ਭਰਨਗੇ ਜੀ
ਸੰਪਰਕ ਨੰਬਰ-9356060960,9814015740

## ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਇਜਲਾਸ 28 ਮਾਰਚ ਨੂੰ ਹੋਵੇਗਾ- ਐਡਵੋਕੇਟ ਧਾਮੀ

# ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਅਹਿਮ ਫੈਸਲੇ



**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਬਜਟ ਇਜਲਾਸ 28 ਮਾਰਚ ਨੂੰ ਦੁਪਹਿਰ 12 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਹੋਈ ਅੰਤ੍ਰਿੰਗ ਕਮੇਟੀ ਨੇ ਬਜਟ ਸਬ-ਕਮੇਟੀ ਦੀਆਂ ਸਿਫਾਰਸ਼ਾਂ ਨੂੰ ਪ੍ਰਵਾਨ ਕਰਦਿਆਂ ਇਹ ਫੈਸਲਾ ਲਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਕੱਤਰਤਾ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਦੀ ਇਕੱਤਰਤਾ 'ਚ ਸਾਲ 2026-2027 ਦਾ ਸਾਲਾਨਾ ਬਜਟ 28 ਮਾਰਚ ਨੂੰ ਸੱਦੇ ਜਾਣ ਦਾ ਫੈਸਲਾ ਹੋਇਆ ਹੈ। ਇਸ ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਟਰੱਸਟ ਵਿਭਾਗ, ਜਨਰਲ ਬੋਰਡ ਫੰਡ, ਵਿਦਿਅਕ ਅਦਾਰੇ, ਪ੍ਰਿੰਟਿੰਗ ਪ੍ਰੈੱਸਾਂ, ਧਰਮ ਪਚਾਰ ਕਮੇਟੀ, ਸਿੱਖ ਇਤਿਹਾਸ ਰਿਸਰਚ ਬੋਰਡ ਆਦਿ ਦਾ ਸਾਲਾਨਾ ਬਜਟ ਪਾਸ ਕਰਨ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਵੱਲੋਂ ਭਵਿੱਖ ਵਿਚ ਕੀਤੇ ਜਾਣ ਵਾਲੇ ਕਾਰਜ ਵਿਚਾਰੇ ਜਾਣਗੇ। ਐਡਵੋਕੇਟ ਧਾਮੀ ਨੇ ਅੰਤ੍ਰਿੰਗ ਕਮੇਟੀ ਦੇ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਬੇਅਦਬੀਆਂ ਦੇ ਮਾਮਲਿਆਂ ਸਬੰਧੀ ਕਾਨੂੰਨ ਬਨਾਉਣ ਲਈ ਸਮਾਣਾ ਵਿਖੇ ਭਾਈ ਗੁਰਜੀਤ ਸਿੰਘ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਪੂਰਨ ਸਮਰਥਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਬੇਅਦਬੀਆਂ ਦੇ ਮਾਮਲੇ 'ਤੇ ਸਖ਼ਤ ਕਾਨੂੰਨ ਦੀ ਹਮੇਸ਼ਾ ਮੰਗ ਕਰਦੀ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰੇ ਧਰਮ ਅਤੇ ਧਰਮ ਗ੍ਰੰਥ ਸਤਿਕਾਰਯੋਗ ਹਨ, ਪ੍ਰੰਤੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰੂ ਸਾਹਿਬ ਨੇ ਸ਼ਬਦ ਗੁਰੂ ਦੇ ਰੂਪ ਵਿਚ ਸਨਮਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਗੁਰਬਾਣੀ ਦੀ ਬੇਅਦਬੀ ਦੇ ਮਾਮਲੇ ਵਿਚ ਮਿਸਾਲੀ ਸਜ਼ਾ ਲਈ ਵੱਖਰਾ ਕਾਨੂੰਨ ਬੇਹੱਦ ਜ਼ਰੂਰੀ ਹੈ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਪਿਛਲੇ ਦਿਨੀਂ ਮੱਧ ਪ੍ਰਦੇਸ਼ ਦੇ ਰਤਲਾਮ ਵਿਚ ਲੋਕ ਸੇਵਾ ਕਮਿਸ਼ਨ ਦੀ ਪ੍ਰੀਖਿਆ ਦੌਰਾਨ ਸਿੱਖ ਬੱਚੀ ਦੀ ਦਸਤਾਰ ਅਤੇ ਕਿਰਪਾਨ ਉਤਾਰੇ ਜਾਣ ਦੀ ਘਟਨਾ ਬਾਰੇ ਨਿੰਦਾ ਮਤਾ ਪਾਸ ਕਰਦਿਆਂ ਇਸ ਨੂੰ ਸਿੱਖਾਂ ਦੇ ਮੌਲਿਕ ਅਧਿਕਾਰਾਂ 'ਤੇ ਹਮਲਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਅਤੇ ਖ਼ੁਸ਼ਹਾਲੀ ਲਈ ਹਮੇਸ਼ਾ ਵੱਡਾ ਰੋਲ ਅਦਾ ਕੀਤਾ ਹੈ। ਦੇਸ਼ ਦੇ ਸੰਵਿਧਾਨ ਅੰਦਰ ਧਰਮ ਦੀ ਅਜ਼ਾਦੀ ਲਈ ਮਿਲੇ ਅਧਿਕਾਰਾਂ ਨੂੰ ਪ੍ਰੀਖਿਆਵਾਂ ਸਮੇਂ ਖੋਹਿਆ ਜਾ ਰਿਹਾ ਹੈ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕੌਮ ਦੇ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ ਵਿਖੇ 11 ਮਾਰਚ ਤੋਂ 14 ਮਾਰਚ 2026 ਤੱਕ ਖ਼ਾਲਸਈ ਜਾਹੋ-ਜਲਾਲ ਮਨਾਈ ਜਾਵੇਗੀ, ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 11 ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਸੇ ਤਰ੍ਹਾਂ 12 ਮਾਰਚ ਨੂੰ ਅੰਮ੍ਰਿਤ ਸੰਚਾਰ ਸਮਾਗਮ ਹੋਵੇਗਾ ਅਤੇ 13 ਮਾਰਚ ਵੀ ਗੁਰਮਤਿ ਸਮਾਗਮ ਜਾਰੀ ਰਹਿਣਗੇ। ਸ਼ਤਾਬਦੀ ਦਾ ਮੁੱਖ ਸਮਾਗਮ 14 ਮਾਰਚ ਨੂੰ ਹੋਵੇਗਾ, ਜਿਸ ਵਿਚ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਦੇ ਜਥੇਦਾਰ ਅਤੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਹਰ ਹਲਕੇ ਵਿਚ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਜਾਣਗੇ। ਇਕ ਸਵਾਲ ਦੇ ਜਵਾਬ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਕ ਚੈਨਲ ਵੱਲ ਸ਼੍ਰੋਮਣੀ ਕਮੇਟੀ ਦਾ ਬਕਾਇਆ ਹੋਣ ਬਾਰੇ ਗ਼ਲਤ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਆਪਣਾ ਯੂ-ਟਿਊਬ ਚੈਨਲ ਸ਼ੁਰੂ ਕੀਤਾ ਸੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਪੱਤਰ ਦੀ ਰੌਸ਼ਨੀ ਵਿਚ ਸੰਗਤਾਂ ਦੀ ਮੰਗ ਅਤੇ ਭਾਵਨਾਵਾਂ ਅਨੁਸਾਰ ਪੀਟੀਸੀ ਚੈਨਲ 'ਤੇ ਗੁਰਬਾਣੀ ਪ੍ਰਸਾਰਣ ਜਾਰੀ ਰੱਖਣ ਦਾ ਫੈਸਲਾ ਹੋਇਆ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ ਚੈਨਲ ਨੂੰ ਚਲਾਉਣ ਲਈ ਵੱਖ-ਵੱਖ ਕੰਪਨੀਆਂ ਨਾਲ ਚਰਚਾ ਹੋਈ ਸੀ, ਜਿਸ 'ਚ ਮਹੀਨਾਵਾਰ ਵੱਡੀ ਰਾਸ਼ੀ ਦਾ ਖਰਚ ਮੰਗਿਆ ਗਿਆ ਸੀ। ਪੀਟੀਸੀ ਚੈਨਲ ਵੱਲੋਂ ਆਪਣਾ ਸੈਟਅੱਪ ਲਗਾ ਕੇ ਸ਼੍ਰੋਮਣੀ ਕਮੇਟੀ ਦਾ ਵੈੱਬ ਚੈਨਲ ਬਿਨਾਂ ਕਿਸੇ ਖਰਚੇ ਦੇ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣਾ ਸੈਟੇਲਾਈਟ ਚੈਨਲ ਚਲਾਉਣ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਅਮੀਰ ਸਿੰਘ ਰਸੀਦਾਂ ਤੇ ਟੈਕਸਲਾ ਟੈਲੀਵੀਜ਼ਨ ਦੇ ਸੰਸਥਾਪਕ ਸ. ਰਾਜਾ ਸਿੰਘ ਦੇ ਅਕਾਲ ਚਲਾਣਾ ਕਰ ਜਾਣੇ 'ਤੇ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਸਤਿਕਾਰ ਭੇਟ ਕੀਤਾ ਗਿਆ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਆਦਿ ਸ਼ਾਮਲ ਹਨ।

## ਮਾਤਾ ਸੁੰਦਰੀ ਪਬਲਿਕ ਸਕੂਲ ਦੇ ਅੰਤਰਰਾਸ਼ਟਰੀ ਅੰਗਰੇਜ਼ੀ ਅਧਿਆਪਕ ਸ. ਗੁਰਦੀਪ ਸਿੰਘ ਢਿੱਲੋਂ ਨੇ ਸਿੱਖਿਆ ਖੇਤਰ ਵਿੱਚ ਬਣਾਇਆ ਵਿਸ਼ਵ ਰਿਕਾਰਡ

# ਅਮਰੀਕਾ ਬੁੱਕ ਆੱਫ਼ ਰਿਕਾਰਡਜ਼ 'ਚ ਨਾਮ ਦਰਜ ਕਰਵਾ ਕੇ ਰਚਿਆ ਇਤਿਹਾਸ ਅਤੇ ਬਣੇ ਪਹਿਲੇ ਭਾਰਤੀ ਅਧਿਆਪਕ

**ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸੁਯੋਗ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਸੁੰਦਰੀ ਪਬਲਿਕ ਸਕੂਲ, ਕੋਟ ਸ਼ਮੀਰ ਦੇ ਅੰਗਰੇਜ਼ੀ ਅਧਿਆਪਕ ਗੁਰਦੀਪ ਸਿੰਘ ਢਿੱਲੋਂ ਨੇ ਭਾਰਤ ਦੇਸ਼, ਪੰਜਾਬ ਅਤੇ ਬਠਿੰਡਾ ਜ਼ਿਲ੍ਹੇ ਦੇ ਨਾਲ ਨਾਲ ਆਪਣੇ ਸਕੂਲ ਦਾ ਨਾਮ ਰੌਸ਼ਨ ਕਰਦੇ ਹੋਏ ਅੰਤਰਰਾਸ਼ਟਰੀ ਪੱਧਰ ਤੇ ਆਪਣਾ ਨਾਮ "ਅਮਰੀਕਾ ਬੁੱਕ ਆੱਫ਼ ਰਿਕਾਰਡਜ਼" ਯੂ.ਐੱਸ.ਏ. ਵਿਚ ਦਰਜ ਕਰਵਾਕੇ ਇਤਿਹਾਸ ਰਚਿਆ ਹੈ। ਸਿੱਖਿਆ-ਖੇਤਰ ਵਿੱਚ ਇਹ ਵਿਲੱਖਣ ਵਿਸ਼ਵ ਰਿਕਾਰਡ ਬਣਾਉਣ ਵਾਲੇ ਉਹ ਪਹਿਲੇ ਭਾਰਤੀ ਅਧਿਆਪਕ ਹਨ। ਜਾਣਕਾਰੀ ਅਨੁਸਾਰ ਗੁਰਦੀਪ ਸਿੰਘ ਢਿੱਲੋਂ ਨੇ 38 ਸਾਲ ਦੀ ਉਮਰ ਵਿੱਚ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਦੀ ਮਿਨਿਸਟਰੀ ਆੱਫ਼ ਐਜੂਕੇਸ਼ਨ ਐਂਡ ਚਾਈਲਡ ਕੇਅਰ ਤੋਂ "ਕਨੇਡੀਅਨ ਟੀਚਿੰਗ ਲਾਇਸੈਂਸ" ਪ੍ਰਾਪਤ ਕਰਕੇ "ਅੰਤਰਰਾਸ਼ਟਰੀ ਅੰਗਰੇਜ਼ੀ ਅਧਿਆਪਕ" ਹੋਣ ਦਾ ਦਰਜਾ ਹਾਸਲ ਕੀਤਾ ਹੈ। ਉਨ੍ਹਾਂ ਕੋਲ ਅੰਗਰੇਜ਼ੀ ਅਧਿਆਪਨ ਦਾ 15 ਸਾਲ ਤੋਂ ਵੱਧ ਦਾ ਤਜਰਬਾ ਹੈ।




ਵਰਨਣਯੋਗ ਹੈ ਕਿ ਹਾਲ ਹੀ ਵਿੱਚ ਉਹਨਾਂ ਇੰਡੀਆ ਬੁੱਕ ਆੱਫ਼ ਡਿਕਾਰਡਜ਼ ਵਿੱਚ ਆਪਣਾ ਨਾਮ ਦਰਜ ਕਰਵਾਕੇ ਪੰਜਾਬ ਦੇ ਪਹਿਲੇ ਅਧਿਆਪਕ ਵਜੋਂ ਆਪਣੀ ਪਹਿਚਾਣ ਬਣਾਈ ਹੈ। ਇਹ ਪ੍ਰਾਪਤੀ ਨਾ ਸਿਰਫ਼ ਬਠਿੰਡਾ ਜ਼ਿਲ੍ਹੇ ਲਈ ਗੌਰਵ ਦੀ ਗੱਲ ਹੈ, ਸਗੋਂ ਪੂਰੇ ਭਾਰਤ ਅਤੇ ਪੰਜਾਬ ਦੇ ਸਿੱਖਿਆ-ਖੇਤਰ ਲਈ ਬਹੁਤ ਹੀ ਮਾਣ ਵਾਲੀ ਉਪਲਬਧੀ ਹੈ। ਸਕੂਲ ਪ੍ਰਿੰਸੀਪਲ (ਪ੍ਰੋ.) ਡਾ. ਮਨੋਰਮਾ ਸਮਾਗ ਜੀ ਨੇ ਅਧਿਆਪਕ ਦੁਆਰਾ ਸਕੂਲ ਦਾ ਨਾਮ ਅੰਤਰਰਾਸ਼ਟਰੀ ਪੱਧਰ ਤੇ ਰੌਸ਼ਨ ਕਰਨ ਹਿੱਤ ਮੁਬਾਰਕਬਾਦ ਦਿੰਦਿਆਂ ਖ਼ੂਬ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀ ਇਹ ਸਫ਼ਲਤਾ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਪ੍ਰੇਰਣਾ ਦਾ ਸਰੋਤ ਹੈ। ਸ. ਗੁਰਦੀਪ ਸਿੰਘ ਢਿੱਲੋਂ ਨੇ ਆਪਣੀ ਸਫ਼ਲਤਾ ਦਾ ਸਿਹਰਾ ਆਪਣੇ ਮਾਤਾ-ਪਿਤਾ, ਸਕੂਲ ਪ੍ਰਬੰਧਨ, ਸਮੂਹ ਵਿਦਿਆਰਥੀ, ਮਾਪੇ ਅਤੇ ਆਪਣੀ ਸੁਪਤਨੀ ਸ੍ਰੀਮਤੀ ਜੁਪਿੰਦਰ ਕੌਰ ਢਿੱਲੋਂ ਤੋਂ ਮਿਲੇ ਵਿਸ਼ੇਸ਼ ਸਹਿਯੋਗ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਉਹ ਵਿੱਦਿਆ ਦੇ ਖੇਤਰ ਵਿੱਚ ਦੇਸ਼ ਲਈ ਹੋਰ ਉਪਲਬਧੀਆਂ ਹਾਸਲ ਕਰਨ ਲਈ ਯਤਨਸ਼ੀਲ ਰਹਿਣਗੇ। ਅੰਤ ਵਿੱਚ ਉਹਨਾਂ ਸ਼੍ਰੋ. ਗੁ. ਪ੍ਰ. ਕਮੇਟੀ ਦੇ ਪ੍ਰਧਾਨ ਜੀ ਐਡਵੋਕੇਟ ਸ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਇੰਜ. ਸ ਸੁਖਮਿੰਦਰ ਸਿੰਘ, ਅਸਿਸਟੈਂਟ ਡਾਇਰੈਕਟਰ ਸ੍ਰੀਮਤੀ ਸਤਵੰਤ ਕੌਰ ਅਤੇ ਪ੍ਰਿੰਸੀਪਲ ਡਾ. ਮਨੋਰਮਾ ਸਮਾਗ ਦੇ ਪ੍ਰਭਾਵਸ਼ਾਲੀ ਮਾਰਗਦਰਸ਼ਨ ਸਦਕਾ ਦਿਲੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਗੀ ਕਲਿਆਣ ਸਮਿਤੀ ਦੀ ਮੀਟਿੰਗ ਦੌਰਾਨ ਸਿਵਲ ਹਸਪਤਾਲ ਤਲਵੰਡੀ ਸਾਬੋ ਦੀਆਂ ਸੇਵਾਵਾਂ ਸੁਧਾਰਨ ਤੇ ਵਿਚਾਰ-ਚਰਚਾ





**ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)**-ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਰੋਗੀ ਕਲਿਆਣ ਸਮਿਤੀ ਦੀ ਮੀਟਿੰਗ ਕਰਵਾਈ ਗਈ। ਇਹ ਮੀਟਿੰਗ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਹਸਪਤਾਲ ਵਿੱਚ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ ਗਈ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ ਲਈ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ ਗਈ। ਰੋਗੀ ਕਲਿਆਣ ਸਮਿਤੀ ਦਾ ਮੁੱਖ ਉਦੇਸ਼ ਹਸਪਤਾਲ ਵਿੱਚ ਮਰੀਜ਼ਾਂ ਨੂੰ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ ਅਤੇ ਇਸ ਲਈ ਸਾਰੇ ਸਟਾਫ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਮੀਟਿੰਗ ਵਿੱਚ ਸਮਿਤੀ ਦੇ ਮੈਂਬਰਾਂ ਅਤੇ ਹਸਪਤਾਲ ਦੇ ਸਟਾਫ ਨੇ ਭਾਗ ਲਿਆ ਅਤੇ ਹਸਪਤਾਲ ਦੀਆਂ ਸੇਵਾਵਾਂ ਨੂੰ ਹੋਰ ਸੁਧਾਰਨ ਲਈ ਆਪਣੇ ਸੁਝਾਅ ਵੀ ਦਿੱਤੇ। ਮੀਟਿੰਗ ਦੌਰਾਨ ਹਸਪਤਾਲ ਵਿੱਚ ਸਫਾਈ ਪ੍ਰਬੰਧ, ਸੀਵਰੇਜ ਪ੍ਰਬੰਧ, ਦਵਾਈਆਂ ਦੀ ਉਪਲਬਧਤਾ, ਮਰੀਜ਼ਾਂ ਲਈ ਸਹੂਲਤਾਂ ਅਤੇ ਹੋਰ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਸੰਬੰਧੀ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਵਧੀਆ ਅਤੇ ਸੁਚੱਜੀਆਂ ਸੇਵਾਵਾਂ ਮੁਹੱਈਆ ਕਰਵਾਉਣ ਲਈ ਵੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਦਫ਼ਤਰ ਚੀਫ ਵ੍ਹਿੱਪ ਪ੍ਰੋ ਬਲਜਿੰਦਰ ਕੌਰ ਐਮਐਲ ਲਏ ਤਲਵੰਡੀ ਸਾਬੋ, ਐਸਡੀਐਮ ਤਲਵੰਡੀ ਸਾਬੋ, ਸੀਡੀਪੀਓ, ਤਹਿਸੀਲ ਭਲਾਈ ਵਿਭਾਗ ਅਤੇ ਹੋਰ ਵਿਭਾਗਾਂ ਦੇ ਨੁਮਾਇੰਦੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰੂਰ ਪੁਲਿਸ ਵੱਲੋਂ ਧੂਰੀ ਦੇ ਸਰਕਾਰੀ ਹਸਤਪਾਲ ਦੇ ਓਟ ਸੈਂਟਰ ਵਿਖੇ ਹੋਈ ਚੋਰੀ ਦਾ ਕੇਸ ਟਰੇਸ

## 5 ਦੋਸ਼ੀ ਗ੍ਰਿਫਤਾਰ, 18,560 ਗੋਲੀਆਂ, 01 ਕੰਪਿਊਟਰ ਸਿਸਟਮ ਅਤੇ 01 ਮੋਟਰਸਾਈਕਲ ਬਰਾਮਦ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਐਸ.ਐਸ.ਪੀ ਸੰਗਰੂਰ ਸਰਤਾਜ ਸਿੰਘ ਚਾਹਲ (ਆਈ.ਪੀ.ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਧੂਰੀ ਦੇ ਖ਼ੇਤਰ ਵਿੱਚ ਸਰਕਾਰੀ ਹਸਪਤਾਲ ਧੂਰੀ ਦੇ ਓਟ ਸੈਂਟਰ ਵਿਖੇ ਹੋਈ ਚੋਰੀ ਦੇ ਕੇਸ ਨੂੰ ਟਰੇਸ ਕਰਕੇ 05 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਿਨ੍ਹਾਂ ਪਾਸੋਂ ਚੋਰੀ ਕੀਤੀਆਂ ਗਈਆਂ 18,560 ਗੋਲੀਆਂ, 01 ਕੰਪਿਊਟਰ ਸਿਸਟਮ ਅਤੇ 01 ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਐਸ.ਐਸ.ਪੀ ਨੇ ਦੱਸਿਆ ਕਿ ਮਿਤੀ 02 ਮਾਰਚ 2026 ਦੀ ਦਰਮਿਆਨੀ ਰਾਤ ਨੂੰ ਧੂਰੀ ਦੇ ਸਰਕਾਰੀ ਹਸਪਤਾਲ ਦੇ ਓਟ ਸੈਂਟਰ ਵਿੱਚੋਂ ਬੁਪ੍ਰੇਨੋਰਫਾਈਨ ਦਵਾਈ 2 ਐਮ.ਜੀ. ਦੀਆਂ 10,130 ਗੋਲੀਆਂ ਅਤੇ ਬੁਪ੍ਰੇਨੋਰਫਾਈਨ ਦਵਾਈ 0.4 ਐਮ.ਜੀ. ਦੀਆਂ 10,142 ਗੋਲੀਆਂ (ਕੁੱਲ ਗੋਲੀਆਂ 20,272) ਅਣ ਪਛਾਤੇ ਵਿਅਕਤੀਆਂ ਵੱਲੋਂ ਚੋਰੀ ਕਰ ਲਈਆਂ ਗਈਆਂ ਸਨ। ਜਿਸ 'ਤੇ ਮੁਕੱਦਮਾ ਨੰਬਰ 29 ਮਿਤੀ 03.03.2026 ਅ/ਧ 305 ਬੀ.ਐਨ.ਐਸ. ਥਾਣਾ ਸਿਟੀ ਧੂਰੀ ਬਰਖਿਲਾਫ ਨਾਮਲੂਮ ਵਿਅਕਤੀ/ਵਿਅਕਤੀਆ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਮੁਕੱਦਮਾ ਨੂੰ ਟਰੇਸ ਕਰਨ ਲਈ ਸ੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਯੋਗ ਅਗਵਾਈ ਹੇਠ ਸ੍ਰੀ ਦਲਜੀਤ ਸਿੰਘ ਵਿਰਕ ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ ਅਤੇ ਸ੍ਰੀ ਗੁਰਪ੍ਰੀਤ ਸਿੰਘ, ਉਪ ਕਪਤਾਨ ਪੁਲਿਸ ਸਬ ਡਵੀਜਨ ਧੂਰੀ ਦੀ ਨਿਗਰਾਨੀ ਹੇਠ ਇੰਸਪੈਕਟਰ ਜਸਵੀਰ ਸਿੰਘ, ਮੁੱਖ ਅਫਸਰ ਥਾਣਾ ਸਿਟੀ ਧੂਰੀ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਟੈਕਨੀਕਲ ਢੰਗ ਨਾਲ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਤਫਤੀਸ਼ ਦੌਰਾਨ ਮਿਤੀ 05.03.2026 ਨੂੰ ਦੋਸ਼ੀ ਵਰਿੰਦਰ ਸਿੰਘ ਉਰਫ ਬੰਟੀ ਪੁੱਤਰ ਸਰਬਜੀਤ ਸਿੰਘ ਵਾਸੀ ਧਰਮਪੁਰਾ ਨੇੜੇ ਸੂਗਰ ਮਿੱਲ ਗੇਟ ਧੂਰੀ, ਅਨੀਸ ਠਾਕੁਰ ਉਰਫ ਈਲੂ ਪੁੱਤਰ ਸ਼ਿਵਜੀ ਠਾਕੁਰ ਵਾਸੀ ਵਾਰਡ ਨੰਬਰ 03 ਮੁਹੱਲਾ ਧਰਮਪੁਰਾ ਧੂਰੀ, ਸੋਨੂੰ ਚੋਪੜਾ ਉਰਫ ਡੌਨ ਪੁੱਤਰ ਨਰੇਸ਼ ਚੋਪੜਾ ਵਾਸੀ ਮਾਲ ਗੋਦਾਮ ਰੋਡ ਨੇੜੇ ਪੰਚਾਇਤੀ ਗੁਰਦੁਆਰਾ ਧੂਰੀ, ਹਰਦੀਪ ਸਿੰਘ ਉਰਫ ਬਾਬੂ ਪੁੱਤਰ ਕਰਨੈਲ ਸਿੰਘ ਵਾਸੀ ਧਰਮਪੁਰਾ ਨੇੜੇ ਸੂਗਰ ਮਿੱਲ ਗੇਟ ਧੂਰੀ ਅਤੇ ਪ੍ਰਵੀਨ ਕੁਮਾਰ ਪੁੱਤਰ ਵਿਜੈ ਕੁਮਾਰ ਵਾਸੀ ਮਕਾਨ 469 ਵਾਰਡ ਨੰਬਰ 10-ਬੀ ਪੀਪੇਆ ਵਾਲੀ ਗਲੀ ਧੂਰੀ ਨੂੰ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ। ਦੋਸ਼ੀਆਂ ਪਾਸੋਂ ਚੋਰੀ ਕੀਤੀਆਂ ਗਈਆਂ 18,560 ਗੋਲੀਆਂ, 01 ਕੰਪਿਊਟਰ ਸਿਸਟਮ ਅਤੇ 01 ਮੋਟਰਸਾਈਕਲ ਬਰਾਮਦ ਕਰਵਾਇਆ ਗਿਆ। ਦੋਸੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾਵੇਗੀ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ

# ਸੋਨੇ ਦੀ ਧੁਆਈ ਸੇਵਾ ਸ਼ੁਰੂ







**ਅੰਮ੍ਰਿਤਸਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੱਗੇ ਸੋਨੇ ਦੀ ਧੁਆਈ ਅਤੇ ਸਾਫ-ਸਫਾਈ ਦੀ ਸੇਵਾ ਅੱਜ ਅਰਦਾਸ ਉਪਰੰਤ ਆਰੰਭ ਕੀਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਮੁਖੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਨੂੰ ਸੌਂਪੀ ਗਈ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਉਪਰ ਗੁੰਬਦਾਂ ’ਤੇ ਲੱਗੇ ਸੋਨੇ ਦੀ ਧੁਆਈ ਦੇ ਕਾਰਜ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਤੇ ਨਿਸ਼ਕਾਮ ਸੇਵਕ ਜਥੇ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

**ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਗਿਆਨੀ ਅਮਰਜੀਤ ਸਿੰਘ ਤੇ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਬਰਮਿੰਘਮ ਸਮੇਤ ਪ੍ਰਮੁੱਖ ਸ਼ਖ਼ਸੀਅਤ ਰਹੀਆਂ ਹਾਜ਼ਰ**

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਗੇ ਸੋਨੇ ਦੀ ਸਾਫ-ਸਫਾਈ ਅਤੇ ਸਾਂਭ-ਸੰਭਾਲ ਨੂੰ ਮੁੱਖ ਰੱਖਦਿਆਂ ਸਮੇਂ-ਸਮੇਂ ’ਤੇ ਇਸ ਦੀ ਧੁਆਈ ਦਾ ਕਾਰਜ ਕੀਤਾ ਜਾਂਦਾ ਹੈ, ਜਿਸ ਦੀ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਾ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਬਰਮਿੰਘਮ ਵਾਲਿਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਨਿਸ਼ਕਾਮ ਸੇਵਕ ਜਥਾ ਇਹ ਸੇਵਾ ਨਿਸ਼ਕਾਮ ਰੂਪ ਵਿਚ ਕਰਦਾ ਹੈ। ਇਨ੍ਹਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਗੁਬੰਦ, ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਦੇ ਗੁਬੰਦ ਅਤੇ ਘੰਟਾ ਘਰ ਡਿਓੜੀ ਦੇ ਗੁਬੰਦਾਂ ਦੇ ਉੱਪਰ ਲੱਗੇ ਸੁਨਹਿਰੀ ਪੱਤਰਿਆਂ ਦੀ ਸੇਵਾ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਿਸ਼ਕਾਮ ਸੇਵਕ ਜਥੇ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰਲੇ ਹਿੱਸੇ ਵਿਚ ਸੁਨਹਿਰੀ ਪੱਤਰਿਆਂ ਅਤੇ ਮੀਨਾਕਾਰੀ ਦੀ ਲੋੜ ਅਨੁਸਾਰ ਮੁਰੰਮਤ ਦਾ ਕਾਰਜ ਵੀ ਨਿਰੰਤਰ ਚੱਲ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ ਦੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਇਹ ਇਸੇ ਤਰ੍ਹਾਂ ਹੀ ਗੁਰੂ ਘਰ ਦੀਆਂ ਸੇਵਾਵਾਂ ਨਿਭਾਉਂਦੇ ਰਹਿਣਗੇ। ਇਸ ਦੌਰਾਨ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੀ ਕਿਰਪਾ ਸਦਕਾ ਜਥੇ ਵੱਲੋਂ ਹਰ ਸਾਲ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸੋਨੇ ਦੀ ਧੁਆਈ ਦਾ ਕਾਰਜ ਕੀਤਾ ਜਾਂਦਾ ਹੈ। ਇਸੇ ਤਹਿਤ ਹੀ ਇਸ ਵਾਰ ਵੀ ਸੰਗਤਾਂ ਸੋਨੇ ਦੀ ਧੁਆਈ ਦੀ ਸੇਵਾ ਵਾਸਤੇ ਵਿਸ਼ੇਸ਼ ਤੌਰ ’ਤੇ ਆਈਆਂ ਹਨ। ਉਨ੍ਹਾਂ ਦੱਸਿਆ ਕਿ ਇਹ ਸੇਵਾ ਕਰੀਬ 10-12 ਦਿਨ ਜਾਰੀ ਰਹੇਗੀ, ਜਿਸ ਤਹਿਤ ਪਾਵਨ ਅਸਥਾਨ ਦੇ ਬਾਹਰੀ ਹਿੱਸੇ ’ਤੇ ਲੱਗੇ ਸੋਨੇ ਦੀ ਧੁਆਈ ਕੁਦਰਤੀ ਢੰਗ ਨਾਲ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸੋਨੇ ਦੀ ਧੁਆਈ ਲਈ ਰੀਠੇ ਨੂੰ ਉਬਾਲ ਕੇ ਉਸ ਦਾ ਪਾਣੀ ਅਤੇ ਨਿੰਬੂ ਦਾ ਰਸ ਵਰਤਿਆ ਜਾਂਦਾ ਹੈ। ਇਹ ਬਿਲਕੁਲ ਕੁਦਰਤੀ ਤਰੀਕਾ ਹੈ ਅਤੇ ਇਸ ਵਿਚ ਕਿਸੇ ਵੀ ਰਸਾਇਣ ਦੀ ਵਰਤੋਂ ਨਹੀਂ ਕੀਤੀ ਜਾਂਦੀ। ਸੇਵਾ ਆਰੰਭ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਫੁੰਮਣ ਸਿੰਘ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ, ਸਿੱਖ ਵਿਦਵਾਨ ਭਾਈ ਗੁਰਬਖ਼ਸ਼ ਸਿੰਘ ਗੁਲਸ਼ਨ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਜਸਪਾਲ ਸਿੰਘ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰ, ਭਾਈ ਪ੍ਰੇਮ ਸਿੰਘ, ਨਿਸ਼ਕਾਮ ਸੇਵਕ ਜਥੇ ਵੱਲੋਂ ਭਾਈ ਇੰਦਰਜੀਤ ਸਿੰਘ, ਭਾਈ ਗੁਰਦਿਆਲ ਸਿੰਘ, ਭਾਈ ਗੁਰਨਾਮ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਸੋਮਾ ਸਿੰਘ, ਭਾਈ ਇਕਬਾਲ ਸਿੰਘ, ਸ. ਸ਼ਮਸ਼ੇਰ ਸਿੰਘ ਜੇਈ ਸਮੇਤ ਸੰਗਤਾਂ ਮੌਜੂਦ ਸਨ।

# ਔਰਤਾਂ ਨੂੰ ਸਿਹਤ ਸੰਭਾਲ ਅਤੇ ਰੋਜ਼ਗਾਰ ਲਈ ਕੈਂਪ ਲਗਾਕੇ ਕੀਤਾ ਜਾਗਰੂਕ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਸਰਕਾਰ ਵਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਹਿੱਤ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਰਾਹੁਲ ਚਾਬਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਸੰਗਰੂਰ ਦੀਆਂ ਔਰਤਾਂ ਨੂੰ ਸਿਹਤ ਪੱਖੋਂ ਤੰਦਰੁਸਤ ਰਹਿਣ ਅਤੇ ਉਹਨਾਂ ਵਿੱਚ ਲੋਕ ਭਲਾਈ ਸਕੀਮਾਂ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਅੱਜ ਬਲਾਕ ਸ਼ੇਰਪੁਰ ਐਟ ਘਨੌਰੀ ਕਲਾਂ ਵਿਖੇ ਵਿਸ਼ੇਸ਼ ਬਲਾਕ ਪੱਧਰੀ ਜਾਗਰੂਕਤਾ ਕੈਂਪ ਦਾ ਲਗਾਇਆ ਗਿਆ। ਇਸ ਕੈਂਪ ਦਾ ਆਯੋਜਨ ਕਰਨ ਦਾ ਮਨਰੋਥ ਪੰਜਾਬ ਸਰਕਾਰ ਵਲੋਂ ਔਰਤਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਤੋਂ ਔਰਤਾਂ ਨੂੰ ਜਾਣੂ ਕਰਵਾਉਣ ਦੇ ਨਾਲ ਨਾਲ ਔਰਤਾਂ ਨੂੰ ਨਿੱਜੀ ਸਾਫ ਸਫਾਈ ਤੇ ਸਿਹਤ ਸਬੰਧੀ ਜਾਗਰੂਕਤਾ ਪੈਦਾ ਕਰਨਾ ਹੈ । ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਨੇ ਕੈਂਪ ਵਿਚ ਇਕੱਤਰ ਹੋਏ ਲਾਭਪਾਤਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵਲੋਂ ਔਰਤਾਂ ਦੀ ਸਿਹਤ ਜਾਂਚ ਤੇ ਇਲਾਜ ਲਈ ਅਨੇਕਾਂ ਯੋਜਨਾਵਾਂ ਲਾਗੂ ਹਨ, ਜਿਨ੍ਹਾਂ ਦਾ ਲਾਭ ਲੈ ਕੇ ਮਹਿਲਾਵਾਂ ਨਿਰੋਗ ਸਮਾਜ ਦੀ ਸਿਰਜਣਾ ਵਿਚ ਵੱਡੀ ਭੂਮਿਕਾ ਨਿਭਾ ਸਕਦੀਆਂ ਹਨ। ਇਸ ਕੈਂਪ ਦੌਰਾਨ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਚੱਲ ਰਹੀਆਂ ਵੱਖ ਵੱਖ ਸਕੀਮਾਂ ਦੀਆਂ ਲੱਗੀਆਂ, ਅਵੇਰਨੈੱਸ ਸਟਾਲਾਂ ਤੋਂ ਇਲਾਵਾ ਹੈਲਥ ਵਿਭਾਗ ਅਤੇ ਰੋਜਗਾਰ ਵਿਭਾਗ ਵੱਲੋਂ ਸਟਾਲਾਂ ਲਗਾਈਆਂ ਗਈਆਂ । ਇਸ ਮੌਕੇ ਸਿਹਤ ਵਿਭਾਗ ਵੱਲੋਂ ਡਾ.ਅਮ੍ਰਿੰਤਪਾਲ ਕੌਰ(ਹੈਲਥ ਵਿਭਾਗ), ਬਿਕਰਮਜੀਤ ਸਿੰਘ ਕਰੀਅਰ ਕੌਊਸਲਰ (ਜਿਲ੍ਹਾ ਰੋਜ਼ਗਾਰ ਅਫਸਰ ਸੰਗਰੂਰ) ਆਪਣੀ ਟੀਮ ਨਾਲ ਕੈਂਪ ਵਿੱਚ ਸ਼ਾਮਿਲ ਹੋਏ। ਇਸ ਕੈਂਪ ਦੌਰਾਨ 200 ਤੋਂ ਵੱਧ ਮਹਿਲਾਵਾਂ ਨੇ ਅਵੇਰਨੈੱਸ ਕੈਂਪ ਦਾ ਲਾਭ ਲਿਆ ਜਿਸ ਵਿਚੋਂ ਕਰੀਬ 140 ਦੀ ਸਿਹਤ ਜਾਂਚ ਕੀਤੀ ਗਈ ਜਿਨ੍ਹਾਂ ਵਿੱਚੋ ਕਰੀਬ 50 ਔਰਤਾਂ ਦੇ ਕਰੀਬ ਐਡਵਾਂਸ ਚੈੱਕਅੱਪ ਕਰਵਾਉਣ ਲਈ ਰੇਫਰ ਕੀਤਾ ਗਿਆ। ਇਸ ਮੌਕੇ ਜਿਲ੍ਹਾ ਰੋਜ਼ਗਾਰ ਬਿਊਰੋ ਦੇ ਸਹਿਯੋਗ ਨਾਲ ਲੜਕੀਆਂ ਨੂੰ ਰੋਜਗਾਰ ਦੇ ਮੌਕੇ ਪ੍ਰਦਾਨ ਕਰਨ ਲਈ 02 ਕੰਪਨੀਆਂ ਨੇ ਹਿੱਸਾ ਲਿਆ, ਜਿਨ੍ਹਾਂ ਨੇ ਮੌਕੇ ਤੇ ਕਰੀਬ 150 ਉਮੀਦਵਾਰਾਂ ਨੇ ਭਾਗ ਲਿਆ ਅਤੇ ਕਰੀਬ 60 ਯੋਗ ਉਮੀਦਵਾਰਾਂ ਦੀ ਚੋਣ ਕੀਤੀ ਗਈ। ਇਸ ਮੌਕੇ ਬਲਾਕ ਸ਼ੇਰੁਪਰ ਦੇ ਸੀ.ਡੀ.ਪੀ.ਓ ਕਿਰਨਪ੍ਰੀਤ ਕੌਰ ਸੋਹੀ, ਸਖੀ ਵਨ ਸਟਾਫ ਸੈਂਟਰ ਦੇ ਇੰਚਾਰਜ ਨਜੀਰ ਮੁਹੰਮਦ, ਜਿਲ੍ਹਾ ਕੋਆਡੀਨੇਟਰ ਪੋਸ਼ਣ ਅਭਿਆਨ ਅਤੇ ਜਿਲ੍ਹਾ ਹੱਬ ਫਾਰ ਇਮਪਾਵਰਮੈਂਟ ਆਫ ਵੂਮੈਨ ਦੇ ਕਰਮਚਾਰੀਆਂ ਵੀ ਮੌਜੂਦ ਸਨ।

# ਵਾਰਡਬੰਦੀ ਕਾਰਨ ਬੀਸੀ ਭਾਈਚਾਰੇ ਦੀ ਨੁਮਾਇੰਦਗੀ ਖਤਮ, ਕੋਟਾ ਬਹਾਲ ਕਰਨ ਦੀ ਮੰਗ- ਨਾਇਬ ਸਿੰਘ ਭਾਗੀਵਾਂਦਰ

**ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)**-ਪਿੰਡਾਂ ਵਿੱਚ ਪਿਛਲੀਆਂ ਸਰਕਾਰਾਂ ਦੇ ਦੌਰਾਨ ਕੀਤੀ ਗਈ ਵਾਰਡਬੰਦੀ ਕਾਰਨ ਬੀਸੀ ਭਾਈਚਾਰੇ ਦੀ ਨੁਮਾਇੰਦਗੀ ਖਤਮ ਕਰਨ ਨੂੰ ਲੈ ਕੇ ਭਾਈਚਾਰੇ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ। ਇਸ ਸਬੰਧੀ ਪਿੰਡ ਭਾਗੀਵਾਂਦਰ ਦੇ ਸਾਬਕਾ ਪੰਚ ਨਾਇਬ ਸਿੰਘ ਨੇ ਪਿਛਲੀਆਂ ਸਰਕਾਰਾਂ ਦੀ ਇਸ ਨੀਤੀ ਦੀ ਕੜੀ ਨਿਖੇਧੀ ਕਰਦਿਆਂ ਕਿਹਾ ਕਿ ਉਸ ਸਮੇਂ ਕੀਤੀਆਂ ਵਾਰਡਬੰਦੀਆਂ ਦੌਰਾਨ ਬੀਸੀ ਭਾਈਚਾਰੇ ਦੀਆਂ ਵੋਟਾਂ ਨੂੰ ਵੱਖ-ਵੱਖ ਵਾਰਡਾਂ ਵਿੱਚ ਵੰਡ ਦਿੱਤਾ ਗਿਆ, ਉਨ੍ਹਾਂ ਕਿਹਾ ਕਿ ਪਹਿਲਾਂ ਸਰਕਾਰਾਂ ਵੱਲੋਂ ਹਰ ਪਿੰਡ ਵਿੱਚ ਬੀਸੀ ਭਾਈਚਾਰੇ ਲਈ ਇੱਕ ਪੰਚ ਦਾ ਕੋਟਾ ਨਿਰਧਾਰਤ ਕੀਤਾ ਜਾਂਦਾ ਸੀ, ਜਿਸ ਨਾਲ ਭਾਈਚਾਰੇ ਨੂੰ ਪੰਚਾਇਤੀ ਪ੍ਰਬੰਧ ਵਿੱਚ ਆਪਣੀ ਯੋਗ ਨੁਮਾਇੰਦਗੀ ਮਿਲਦੀ ਸੀ। ਪਰ ਪਿਛਲੀਆਂ ਸਰਕਾਰਾਂ ਦੇ ਸਮੇਂ ਕੀਤੀਆਂ ਵਾਰਡਬੰਦੀਆਂ ਦੌਰਾਨ ਇਹ ਪ੍ਰਬੰਧ ਖਤਮ ਕਰ ਦਿੱਤਾ ਗਿਆ, ਜਿਸ ਨਾਲ ਬੀਸੀ ਭਾਈਚਾਰੇ ਦੀ ਪੰਚਾਇਤਾਂ ਵਿੱਚ ਹਿੱਸੇਦਾਰੀ ਖਤਮ ਹੋ ਗਈ ਸੀ। ਨਾਇਬ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਲਏ ਗਏ ਇਹ ਫੈਸਲੇ ਬੀਸੀ ਭਾਈਚਾਰੇ ਦੇ ਹੱਕਾਂ ਨਾਲ ਨਾਇਨਸਾਫੀ ਦੇ ਬਰਾਬਰ ਹਨ ਅਤੇ ਇਸ ਨਾਲ ਪਿੰਡਾਂ ਦੇ ਲੋਕਤੰਤਰਕ ਢਾਂਚੇ ‘ਤੇ ਵੀ ਨਕਾਰਾਤਮਕ ਅਸਰ ਪਿਆ ਹੈ। ਉਨ੍ਹਾਂ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਕਿ ਬੀਸੀ ਭਾਈਚਾਰੇ ਲਈ ਪਹਿਲਾਂ ਵਾਂਗ ਪੰਚ ਦਾ ਕੋਟਾ ਮੁੜ ਬਹਾਲ ਕੀਤਾ ਜਾਵੇ ਅਤੇ ਪਿੰਡਾਂ ਦੀ ਵਾਰਡਬੰਦੀ ਦੀ ਸਮੀਖਿਆ ਕਰਕੇ ਇਸਨੂੰ ਨਿਆਪੂਰਨ ਢੰਗ ਨਾਲ ਤਿਆਰ ਕੀਤਾ ਜਾਵੇ, ਤਾਂ ਜੋ ਭਾਈਚਾਰੇ ਨੂੰ ਪੰਚਾਇਤੀ ਪ੍ਰਬੰਧ ਵਿੱਚ ਯੋਗ ਹਿੱਸੇਦਾਰੀ ਮਿਲ ਸਕੇ।



# ਪੇਂਡੂ ਵਿਕਾਸ ਦੀ ਮਜ਼ਬੂਤ ਕੜੀ ਹੁੰਦੀਆਂ ਹਨ ਪੰਚਾਇਤ ਸੰਮਤੀਆਂ: ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ, 6 ਮਾਰਚ (ਆਵਾਜ਼ਿ ਕੌਮ ਬਿਊਰੋ)**-ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਚਾਇਤ ਸੰਮਤੀਆਂ ਪੇਂਡੂ ਵਿਕਾਸ ਵਿੱਚ ਇੱਕ ਮਜ਼ਬੂਤ ਕੜੀ ਹਨ ਅਤੇ ਇਨ੍ਹਾਂ ਸੰਸਥਾਵਾਂ ਰਾਹੀਂ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਗਤੀ ਮਿਲਦੀ ਹੈ। ਉਹ ਹਾਲ ਹੀ ਵਿੱਚ ਬਲਾਕ ਮਾਹਿਲਪੁਰ ਅਤੇ ਬਲਾਕ ਹੁਸ਼ਿਆਰਪੁਰ-2 ਵਿੱਚ ਹੋਈ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਨਵੇਂ ਚੁਣੇ ਗਏ ਚੇਅਰਮੈਨਾਂ ਅਤੇ ਵਾਈਸ ਚੇਅਰਮੈਨਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਮੌਜੂਦਗੀ ਵਿੱਚ ਬਲਾਕ ਮਾਹਿਲਪੁਰ ਵਿੱਚ ਹੋਏ ਇੱਕ ਸਮਾਰੋਹ ਦੌਰਾਨ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸਨਮਾਨਿਤ ਕਰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਥੇ ਬਲਾਕ ਹੁਸ਼ਿਆਰਪੁਰ-2 ਵਿੱਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਮੌਜੂਦਗੀ ਵਿੱਚ ਵੀ ਉਨ੍ਹਾਂ ਨੇ ਨਵੇਂ ਚੁਣੇ ਗਏ ਨੁਮਾਇੰਦਿਆਂ ਨੂੰ ਵੀ ਵਧਾਈ ਦਿੱਤੀ।

ਬਲਾਕ ਹੁਸ਼ਿਆਰਪੁਰ-2 ਪੰਚਾਇਤ ਸੰਮਤੀ ਲਈ ਕੁਲਵਿੰਦਰ ਕੌਰ (ਚੱਬੇਵਾਲ ਹਲਕਾ) ਨੂੰ ਚੇਅਰਮੈਨ ਅਤੇ ਹਰਦੀਪ ਕੌਰ (ਹੁਸ਼ਿਆਰਪੁਰ ਹਲਕਾ) ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਇਸੇ ਤਰ੍ਹਾਂ ਬਲਾਕ ਮਾਹਿਲਪੁਰ ਪੰਚਾਇਤ ਸੰਮਤੀ ਲਈ ਰਣਜੀਤ ਕੌਰ (ਚੱਬੇਵਾਲ ਹਲਕਾ) ਨੂੰ ਚੇਅਰਮੈਨ ਅਤੇ ਨਵਪ੍ਰੀਤ ਕੌਰ (ਗੜ੍ਹਸ਼ੰਕਰ ਹਲਕਾ) ਨੂੰ ਵਾਈਸ ਚੇਅਰਮੈਨ ਚੁਣਿਆ ਗਿਆ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਨਵੇਂ ਚੁਣੇ ਗਏ ਚੇਅਰਮੈਨ ਅਤੇ ਵਾਈਸ ਚੇਅਰਮੈਨ ਜਨਤਾ ਦੀਆਂ ਉਮੀਦਾਂ ’ਤੇ ਖਰੇ ਉਤਰਦੇ ਹੋਏ ਪਾਰਦਰਸ਼ਤਾ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਵਚਨਬੱਧ ਹੈ ਅਤੇ ਪੰਚਾਇਤਾਂ ਨੂੰ ਸਸ਼ਕਤ ਬਣਾਉਣ ਲਈ ਕਈ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

### ਸ਼ਗਨਪ੍ਰੀਤ ਕੌਰ ਬਣੀ ਐਸ.ਡੀ.ਐਚ ਤਲਵੰਡੀ ਸਾਬੋ ਦੀ ਪਹਿਲੀ ਐਚ.ਪੀ.ਵੀ ਲਾਭਪਾਤਰੀ

# ਸਬ ਡਵੀਜ਼ਨ ਹਸਪਤਾਲ ਤਲਵੰਡੀ ਸਾਬੋ ਤੋਂ ਐਚ.ਪੀ.ਵੀ ਵੈਕਸੀਨ ਦੀ ਸ਼ੁਰੂਆਤ



**ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਿਹਤ ਵਿਭਾਗ ਵੱਲੋਂ ਲੜਕੀਆਂ ਦਾ ਸਰਵਾਈਕਲ ਦੇ ਕੈਂਸਰ ਤੋਂ ਬਚਾਅ ਕਰਨ ਵਾਲੀ ਐਚ.ਪੀ.ਵੀ.ਵੈਕਸੀਨ ਦੀ ਸ਼ੁਰੂਆਤ ਐਸਡੀਐਚ ਤਲਵੰਡੀ ਸਾਬੋ ਵਿਖੇ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ.ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਔਰਤਾਂ ਵਿੱਚ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਹਰ ਸਾਲ ਬਹੁਤ ਮੌਤਾਂ ਦਾ ਕਾਰਨ ਬਣਦਾ ਹੈ। ਸਿਹਤ ਵਿਭਾਗ ਵੱਲੋਂ 14 ਸਾਲ ਦੀਆਂ ਲੜਕੀਆਂ ਨੂੰ ਇਸ ਬਿਮਾਰੀ ਤੋਂ ਬਚਾਉਣ ਲਈ ਵੈਕਸੀਨੇਸ਼ਨ ਦੀ ਸ਼ੁਰੂਆਤ ਕੀਤੀ ਗਈ ਤਾਂ ਜੋ ਭਵਿੱਖ ਵਿੱਚ ਉਹਨਾਂ ਨੂੰ ਸਰਵਾਈਕਲ ਕੈਂਸਰ ਦੇ ਰੋਗ ਤੋਂ ਬਚਾਅ ਕਰੇਗੀ ਇਹ ਟੀਕਾਕਰਨ ਮੁਹਿੰਮ ਤਿੰਨ ਮਹੀਨਿਆਂ ਦੀ ਮਿਆਦ ਲਈ ਚਲਾਈ ਜਾਵੇਗੀ ਅਤੇ ਇਸ ਤੋਂ ਬਾਅਦ ਐਚ.ਪੀ.ਵੀ ਵੈਕਸੀਨ ਨੂੰ ਰੂਟੀਨ ਟੀਕਾਕਰਨ ਵਿੱਚ ਸ਼ਾਮਿਲ ਕਰ ਲਿਆ ਜਾਵੇਗਾ। ਬਲਾਕ ਤਲਵੰਡੀ ਸਾਬੋ ਅਧੀਨ ਜਿੰਨੀਆਂ ਵੀ ਲੜਕੀਆਂ ਆਪਣੀ 14 ਸਾਲ ਉਮਰ ਪੂਰੀ ਕਰ ਚੁੱਕੀਆਂ ਹਨ ਅਤੇ 15 ਸਾਲ ਦੀਆਂ ਨਹੀਂ ਹੋਈਆਂ ਉਹਨਾਂ ਨੂੰ ਇਹ ਟੀਕਾਕਰਨ ਸਿਹਤ ਵਿਭਾਗ ਵੱਲੋਂ ਬਿਲਕੁਲ ਮੁਫਤ ਕੀਤਾ ਜਾਵੇਗਾ।ਉਹਨਾਂ ਦੱਸਿਆ ਕਿ ਪ੍ਰਾਈਵੇਟ ਹਸਪਤਾਲਾਂ ਦੇ ਵਿੱਚ ਐਚ ਪੀ ਵੀ ਵੈਕਸੀਨ ਕਾਫੀ ਸਮੇਂ ਤੋਂ ਮਹਿੰਗੇ ਭਾਅ ਤੇ ਬੱਚਿਆਂ ਨੂੰ ਲਗਾਈ ਜਾ ਰਹੀ ਹੈ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਲੜਕੀਆਂ ਨੂੰ ਉਪਰੋਕਤ ਵੈਕਸੀਨ ਸਰਕਾਰੀ ਹਸਪਤਾਲਾਂ ਦੇ ਵਿੱਚੋਂ ਲਗਵਾਉਣ ਤਾਂ ਜੋ ਉਹਨਾਂ ਨੂੰ ਸਰਵਾਈਕਲ ਕੈਂਸਰ ਵਰਗੀ ਜਾਨਲੇਵਾ ਬਿਮਾਰੀ ਤੋਂ ਬਚਾਇਆ ਜਾ ਸਕੇ ਉਹਨਾਂ ਨੇ ਦੱਸਿਆ ਕਿ ਹਿਊਮਨ ਪੈਪੀਲੋਮਾਵਾਇਰਸ (ਐਚ.ਪੀ.ਵੀ) ਇੱਕ ਆਮ ਪਰ ਗੰਭੀਰ ਲਾਗ ਹੈ ਜੋ ਮੁੱਖ ਤੌਰ ਉੱਤੇ ਚਮੜੀ ਤੋਂ ਚਮੜੀ ਦੇ ਸੰਪਰਕ ਰਾਹੀਂ ਫੈਲਦੀ ਹੈ। ਕੁਝ ਉੱਚ-ਜੋਖਮ ਵਾਲੀਆਂ ਕਿਸਮਾਂ ਸਰਵਾਈਕਲ ਕੈਂਸਰ, ਗਲੇ ਦਾ ਕੈਂਸਰ, ਗੁਦਾ ਕੈਂਸਰ ਅਤੇ ਹੋਰ ਕੈਂਸਰਾਂ ਦਾ ਕਾਰਨ ਬਣ ਸਕਦੀਆਂ ਹਨ ਜੇਕਰ ਉਹ ਲੰਬੇ ਸਮੇਂ ਤੱਕ ਸਰੀਰ ਵਿੱਚ ਬਣੇ ਰਹਿੰਦੇ ਹਨ। ਇਸ ਦੌਰਾਨ ਡਾ ਤਜਿੰਦਰਪਾਲ ਕੌਰ ਨੋਡਲ ਅਫਸਰ ਨੇ ਦੱਸਿਆ ਕਿ (ਐਚ.ਪੀ.ਵੀ) ਟੀਕੇ, ਜੋ ਕਿ ਲਾਗ ਨੂੰ ਰੋਕਣ ਲਈ ਵਰਤੇ ਜਾਂਦੇ ਹਨ ਦੀ ਵਿਸ਼ਵ ਪੱਧਰ 'ਤੇ ਵਿਆਪਕ ਖੋਜ ਕੀਤੀ ਗਈ ਹੈ ਅਤੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਹਨ। ਸਿਹਤ ਮਾਹਿਰਾਂ ਦੇ ਅਨੁਸਾਰ, ਦੁਨੀਆ ਭਰ ਵਿੱਚ ਟੀਕੇ ਦੀਆਂ 50 ਕਰੋੜ ਤੋਂ ਵੱਧ ਖੁਰਾਕਾਂ ਦਿੱਤੀਆਂ ਗਈਆਂ ਹਨ। ਕਲੀਨੀਕਲ ਅਧਿਐਨਾਂ ਨੇ ਦਿਖਾਇਆ ਹੈ ਕਿ ਇਹ ਟੀਕਾਕਰਨ ਸਰਵਾਈਕਲ ਕੈਂਸਰ ਨੂੰ ਰੋਕਣ ਵਿੱਚ ਬਹੁਤ ਪ੍ਰਭਾਵਸ਼ਾਲੀ ਹੈ। ਇਸ ਮੌਕੇ ਗੁਰਸਿਮਰਤ ਕੌਰ ਬਲਾਕ ਐਜੂਕੇਟਰ, ਸ਼ਰਨਜੀਤ ਕੌਰ ਸਟਾਫ਼ ਨਰਸ, ਚਰਨਜੀਤ ਕੌਰ ਮਲਟੀਪਰਪਜ਼ ਵਰਕਰ, ਅਮਨਦੀਪ ਸਿੰਘ ਮਲਟੀਪਰਪਜ਼ ਵਰਕਰ ਮੇਲ ਆਦਿ ਹਾਜਰ ਸਨ।

### ਮਹਿਲਾ ਦਿਵਸ ਨੂੰ ਸਮਰਪਿਤ 'ਆਪਣਾ ਕਾਰੋਬਾਰ, ਆਪਣੀ ਪਹਿਚਾਣ' ਤਹਿਤ ਹਲਕਾ ਵਿਧਾਇਕ

# ਪ੍ਰੋ. ਬਲਜਿੰਦਰ ਕੌਰ ਨੇ ਸੈਂਕੜੇ ਉਦਮੀ ਔਰਤਾਂ ਦਾ ਟਰਾਫੀਆਂ ਦੇ ਕੇ ਕੀਤਾ ਸਨਮਾਨ





ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)- ਮਹਿਲਾ ਦਿਵਸ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਅੱਜ ਸਥਾਨਕ ਸ਼ਹਿਰ ਦੀ ਬੀ.ਡੀ.ਪੀ.ਓ ਦਫਤਰ ਵਿੱਚ 'ਆਪਣਾ ਕਾਰੋਬਾਰ ਆਪਣੀ ਪਹਿਚਾਣ' ਦੇ ਬੈਨਰ ਹੇਠ ਇੱਕ ਸਮਾਗਮ ਕੀਤਾ ਗਿਆ ਜਿਸ ਵਿੱਚ ਹਲਕਾ ਤਲਵੰਡੀ ਸਾਬੋ ਦੇ ਹਲਕਾ ਵਿਧਾਇਕ ਤੇ ਪਾਰਟੀ ਦੇ ਚੀਫ ਵਿੱਪ ਪ੍ਰੋ. ਬਲਜਿੰਦਰ ਕੌਰ ਮੁੱਖ ਮਹਿਮਾਨ ਤੌਰ 'ਤੇ ਸ਼ਾਮਿਲ ਹੋਏ ਅਤੇ ਹਲਕਾ ਤਲਵੰਡੀ ਸਾਬੋ ਦੀਆਂ ਉਨਾਂ ਔਰਤਾਂ ਦਾ ਟਰਾਫੀਆਂ ਦੇ ਕੇ ਮਾਨ ਸਨਮਾਨ ਕੀਤਾ ਗਿਆ ਜਿਨਾਂ ਨੇ ਆਪਣਾ ਕਾਰੋਬਾਰ ਸ਼ੁਰੂ ਕਰਕੇ ਸਮਾਜ ਵਿੱਚ ਆਪਣੀ ਪਹਿਚਾਣ ਆਪ ਬਣਾਈ ਹੈ ਇਸ ਸਬੰਧੀ ਤਲਵੰਡੀ ਸਾਬੋ ਦੀ ਬੀ.ਪੀ.ਐਮ ਮੋਨਿਕਾ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਪਿੰਡ ਦੀਆਂ ਔਰਤਾਂ ਨੂੰ ਸਿਖਲਾਈ ਦੇ ਕੇ ਪੰਜਾਬ ਸਰਕਾਰ ਵੱਲੋਂ ਕੁਝ ਕਿੱਤੇ ਕਰਵਾਏ ਗਏ ਹਨ ਜਿੰਨਾ ਤੋਂ ਉਹ ਆਪਣੇ ਘਰ ਦਾ ਖਰਚਾ ਚਲਾ ਰਹੀਆਂ ਹਨ ਤੇ ਲੋਕਾਂ ਨੂੰ ਵੀ ਲਾਭ ਪਹੁੰਚਾ ਰਹੀਆਂ ਹਨ। ਇਸ ਮੌਕੇ ਹਲਕਾ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਦੱਸਿਆ ਕਿ ਉਨਾਂ ਸੈਂਕੜੇ ਔਰਤਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਪਿੰਡਾਂ ਵਿੱਚ ਔਰਤਾਂ ਨੂੰ ਰੁਜ਼ਗਾਰ ਦੇਣ ਦੇ ਮਕਸਦ ਨਾਲ ਜੋ ਪੀ.ਆਰ.ਐਸ ਐਲ ਐਮ ਨਾਂ ਦੀ ਸਕੀਮ ਚਲਾ ਕੇ ਔਰਤਾਂ ਨੂੰ ਕਿਸੇ ਨਾ ਕਿਸੇ ਖੇਤਰ ਵਿੱਚ ਸਿਖਲਾਈ ਦਿੱਤੀ ਜਾਂਦੀ ਹੈ ਜਿਸ ਤੋਂ ਬਾਅਦ ਉਹ ਆਪਣਾ ਕੰਮ ਸ਼ੁਰੂ ਕਰਕੇ ਚੰਗਾ ਧਨ ਕਮਾਉਂਦੀਆਂ ਹਨ ਤੇ ਅੱਜ ਉਨਾਂ ਔਰਤਾਂ ਨੂੰ ਟਰਾਫੀਆਂ ਦੇ ਕੇ ਮਾਨ ਸਨਮਾਨ ਕੀਤਾ ਗਿਆ ਹੈ ਜਿਸ ਤਹਿਤ ਪਿੰਡ ਚਰਨਜੀਤ ਕੌਰ ਮਲਕਾਣਾ ਅਚਾਰ ਤੇ ਮੁਰੱਬਾ ਦਾ ਕੰਮ, ਦਰਸਨ ਕੌਰ ਭਾਗੀਵਾਂਦਰ ਬੇਕਰੀ ਦਾ ਕੰਮ, ਦਲਜੀਤ ਕੌਰ ਬੰਗੀ ਰੁੱਘੂ ਵੇਰਕਾ ਸਭਾ, ਮਨਜੀਤ ਕੌਰ ਤਰਖਾਣਵਾਲਾ ਤੌਂ ਬੁਟੀਕ ਸਮੇਤ ਸੈਕੜੇ ਔਰਤਾਂ ਉੱਚਾ ਚੁੱਕਿਆ ਹੈ ਸਮੇਤ ਸੈਂਕੜੇ ਔਰਤਾਂ ਦਾ ਅੱਜ ਟਰਾਫੀਆਂ ਦੇ ਕੇ ਹਲਕਾ ਵਿਧਾਇਕ ਪ੍ਰੋ. ਬਲਜਿੰਦਰ ਕੌਰ, ਬੀਡੀਪੀਓ ਹਰਬੰਸ ਸਿੰਘ, ਡੀ.ਐਸ.ਪੀ ਹਰਪ੍ਰੀਤ ਸਿੰਘ, ਗੁਰਪ੍ਰੀਤ ਕੌਰ ਚੇਅਰਮੈਨ ਮਾਰਕੀਟ ਕਮੇਟੀ ਰਾਮਾਂ, ਸਰਪੰਚ ਜਸਵਿੰਦਰ ਕੌਰ ਨੇ ਮਾਨ ਸਨਮਾਨ ਕੀਤਾ ਇਸ ਮੌਕੇ ਸਿਮਰਜੀਤ ਕੌਰ ਤਿਉਣ, ਅਨਮੋਲ ਕੌਰ ਲਾਭਪਾਤਰੀਆਂ ਨੇ ਦੱਸਿਆ ਕਿ ਉਹ ਪੰਜਾਬ ਸਰਕਾਰ ਦਾ ਧੰਨਵਾਦ ਕਰਦੀਆਂ ਹਨ ਜਿਨਾਂ ਨੇ ਟ੍ਰੇਨਿੰਗ ਦੇ ਕੇ ਉਨਾਂ ਦਾ ਰੁਜ਼ਗਾਰ ਚਲਾਇਆ ਹੈ ਤੇ ਅਜਿਹੀਆਂ ਸਕੀਮਾਂ ਹੋਰ ਵੀ ਚੱਲਣੀਆਂ ਚਾਹੀਦੀਆਂ ਹਨ ਤਾਂ ਜੋ ਵੱਧ ਤੋਂ ਵੱਧ ਘਰਾਂ ਦੀਆਂ ਔਰਤਾਂ ਨੂੰ ਰੁਜ਼ਗਾਰ ਪ੍ਰਾਪਤ ਹੋ ਸਕੇ ਇਸ ਮੌਕੇ ਕੇਵਲ ਸਿੰਘ ਨਿੱਜੀ ਸਹਾਇਕ ਹਲਕਾ ਵਿਧਾਇਕ, ਨਗਰ ਕੌਂਸਲ ਪ੍ਰਧਾਨ ਹਰਜੀਤ ਸਿੰਘ ਸਰਾ, ਮੀਡੀਆ ਇੰਚਾਰਜ ਗੁਰਤੇਜ ਸਿੰਘ ਜੋਗੇਵਾਲਾ, ਮਹਿੰਮਾ ਸਿੰਘ ਕੌਰੇਆਣਾ ਬਲਾਕ ਸੰਮਤੀ ਮੈਂਬਰ, ਕੁਲਦੀਪ ਸਿੰਘ ਸਮੇਤ ਆਪ ਆਗੂ ਤੇ ਵੱਡੀ ਤਦਾਦ ਵਿੱਚ ਔਰਤਾਂ ਮੌਜੂਦ ਸਨ।

**ਸਨਮਾਨ ਪ੍ਰਾਪਤ ਕਰਨ ਵਾਲੀਆਂ ਉਦਮੀ ਔਰਤਾਂ ਨੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ**

# ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਲਈ ਨੈਤਿਕ ਸਿੱਖਿਆ ਜ਼ਰੂਰੀ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 06 ਮਾਰਚ (ਮਨੋਹਰ ਲਾਲ) :— ਸਕੂਲੀ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਨੈਤਿਕ ਸਿੱਖਿਆ ਪ੍ਰਤੀ ਸੁਹਿਰਦ ਕਰਦਿਆਂ ਪੀ.ਸੀ ਕੁਮਾਰ ਵੱਲੋਂ ਅੱਜ ਜੀ.ਪੀ.ਐਸ ਸਕੂਲ ਗੋਲਬਾਗ ਫ਼ਿਰੋਜ਼ਪੁਰ ਸ਼ਹਿਰ ਵਿਖੇ ਪੁੱਜ ਕੇ ਬੱਚਿਆਂ ਨੂੰ ਆਪਣੇ ਨੈਤਿਕ ਹੱਕਾਂ ਪ੍ਰਤੀ ਜਾਗਰੂਕ ਕੀਤਾ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਲੈਤਿਕਤਾ ਦਾ ਅਲੋਪ ਹੋਣਾ ਖਤਰੇ ਦੀ ਘੰਟੀ ਹੈ। ਉਨ੍ਹਾਂ ਕਿਹਾ ਕਿ ਘਰ, ਸਕੂਲ, ਸਮਾਜ, ਦੇਸ਼, ਦੁਨੀਆਂ ਵਿਚ ਸਰੀਰਕ ਬਿਮਾਰੀਆਂ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਦਾ ਵਧਣਾ, ਤਿਉਹਾਰਾਂ ਦਾ ਮਨਾਉਣਾ ਇਕ ਅਖਬਾਰੀ ਖਬਰਾਂ ਸਰਕਾਰੂ ਬਨਣਾ ਸਭ ਤੋਂ ਵੱਡਾ ਕਾਰਨ ਹੈ। ਸ੍ਰੀ ਪੀ.ਸੀ ਕੁਮਾਰ ਸਮਾਜ ਸੇਵਕ, ਸਮਾਜ ਸੁਧਾਰਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ, ਸਿਨੀਅਰ ਸਿਟੀਜਨ ਵੱਲੋਂ ਬੱਚਿਆਂ ਨਾਲ ਅਧਿਆਪਕਾਂ ਅਤੇ ਮਾਪਿਆਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਜ਼ੋ ਸਾਡੇ ਲੋਕਲ, ਨੈਸ਼ਨਲ, ਇੰਟਰਨੈਸ਼ਨਲ ਤਿਉਹਾਰ ਜ਼ੋ ਅਸੀਂ ਅਕਸਰ ਸਕੂਲਾਂ ਵਿਚ ਮਨਾਉਂਦੇ ਹੋਏ ਅਕਸਰ ਛੁੱਟੀਆਂ ਕਰ ਦਿੰਦੇ ਹਾਂ ਅਤੇ ਸਰਕਾਰਾਂ ਵੀ ਉਨ੍ਹਾਂ ਦਿਨਾਂ ਤੇ ਛੁੱਟੀਆਂ ਕਰਕੇ ਅਖਬਾਰਾਂ ਵਿਚ ਖਬਰਾਂ, ਟੀ.ਵੀ ਚੈਨਲਾਂ ਵਿਚ ਵੱਡੀਆਂ—ਵੱਡੀਆਂ ਖਬਰਾਂ ਤੇ ਭਾਸ਼ਣ ਵੇਖਣ, ਸੁਨਣ ਨੂੰ ਮਿਲਦੀਆਂ ਹਨ, ਪਰ ਜਦੋਂ ਅਸੀਂ ਅਮਲੀ ਰੂਪ ਵਿਚ ਬੱਚਿਆਂ ਕੋਲੋਂ ਇਥੋਂ ਤੱਕ ਕਿ ਮਾਂ—ਪਿਓ ਅਤੇ ਸਰਕਾਰੀ ਅਦਾਰਿਆਂ ਦੇ ਅਧਿਕਾਰੀਆਂ ਕਰਮਚਾਰੀਆਂ ਨੂੰ ਇਨ੍ਹਾਂ ਬਾਰੇ ਵਿਚਾਰ ਸਾਂਝੇ ਕਰਦੇ ਹਾਂ ਤਾਂ ਇਵੇਂ ਲੱਗਦਾ ਹੈ ਇਹ ਤਿਉਹਾਰ ਅਖੌਤੀ ਬਣ ਕੇ ਰਹਿ ਗਏ ਹਨ, ਜਿਨ੍ਹਾਂ ਦਾ ਇਕੋ—ਇਕ ਕਾਰਨ ਕਿ ਅਸੀਂ ਆਪਣੀ ਸੰਸਕ੍ਰਿਤੀ, ਪਿਛੋਕੜ ਤੋਂ ਅਲੋਪ ਹੋ ਕੇ ਰਹਿ ਗਿਆ ਹੈ ਜ਼ੋ ਮੰਦਭਾਗਾ ਹੈ।

# ਇਨਕਮ ਟੈਕਸ ਵਿਭਾਗ ਦੀ ਮੀਟਿੰਗ ਵਿੱਚ ਐਡਵਾਂਸ ਟੈਕਸ ਬਾਰੇ ਅਹਿਮ ਚਰਚਾ

### ਕਰਦਾਤਿਆਂ ਨੂੰ 15 ਮਾਰਚ ਤੱਕ ਐਡਵਾਂਸ ਟੈਕਸ ਜਮ੍ਹਾ ਕਰਵਾਉਣ ਦੀ ਅਪੀਲ



**ਫ਼ਿਰੋਜ਼ਪੁਰ, 06 ਮਾਰਚ (ਮਨੋਹਰ ਲਾਲ) :—** ਇਨਕਮ ਟੈਕਸ ਆਫਿਸ ਫਿਰੋਜ਼ਪੁਰ ਵਿੱਚ ਆਇਕਰ ਅਧਿਕਾਰੀ (ਆਈਟੀਓ) ਸੁਖਦੀਪ ਕੁਮਾਰ ਵੱਲੋਂ ਇੱਕ ਮਹੱਤਵਪੂਰਨ ਮੀਟਿੰਗ ਕਰਵਾਈ ਗਈ, ਜਿਸ ਵਿੱਚ ਫਿਰੋਜ਼ਪੁਰ ਟੈਕਸੇਸ਼ਨ ਬਾਰ ਐਸੋਸੀਏਸ਼ਨ ਦੇ ਚਾਰਟਰਡ ਅਕਾਉਂਟੈਂਟਸ ਅਤੇ ਐਡਵੋਕੇਟਸ ਨੇ ਭਾਗ ਲਿਆ। ਮੀਟਿੰਗ ਦੌਰਾਨ ਆਇਕਰ ਅਧਿਕਾਰੀ ਸੁਖਦੀਪ ਕੁਮਾਰ ਨੇ ਹਾਜ਼ਰ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਕਰਦਾਤਿਆਂ ਦਾ ਐਡਵਾਂਸ ਟੈਕਸ ਬਣਦਾ ਹੈ, ਉਹ ਆਪਣੇ ਐਡਵਾਂਸ ਟੈਕਸ ਦੇ ਚੈਕ 15 ਮਾਰਚ ਤੱਕ ਜ਼ਰੂਰ ਜਮ੍ਹਾ ਕਰਵਾਉਣ ਤਾਂ ਜੋ ਸਮੇਂ ਸਿਰ ਟੈਕਸ ਅਦਾ ਹੋ ਸਕੇ ਅਤੇ ਕਿਸੇ ਵੀ ਕਿਸਮ ਦੀ ਜੁਰਮਾਨੇ ਤੋਂ ਬਚਿਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਕਈ ਕਰਦਾਤੇ ਸਾਲ ਦੇ ਅੰਤ ਵਿੱਚ ਵੱਡੀ ਮਾਤਰਾ ਵਿੱਚ ਸੈਲਫ ਅਸੈਸਮੈਂਟ ਟੈਕਸ ਜਮ੍ਹਾ ਕਰਵਾਉਂਦੇ ਹਨ, ਜਦਕਿ ਜੇਕਰ ਇਹੀ ਰਕਮ ਸਮੇਂ ਸਿਰ ਐਡਵਾਂਸ ਟੈਕਸ ਦੇ ਤੌਰ 'ਤੇ ਜਮ੍ਹਾ ਕਰਵਾ ਦਿੱਤੀ ਜਾਵੇ ਤਾਂ ਕਰਦਾਤਿਆਂ ਨੂੰ ਫਾਇਦਾ ਮਿਲਦਾ ਹੈ ਅਤੇ ਟੈਕਸ ਪ੍ਰਣਾਲੀ ਵੀ ਹੋਰ ਸੁਚੱਜੇ ਢੰਗ ਨਾਲ ਚੱਲਦੀ ਹੈ। ਮੀਟਿੰਗ ਦੇ ਅੰਤ ਵਿੱਚ ਫਿਰੋਜ਼ਪੁਰ ਟੈਕਸੇਸ਼ਨ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਚੇਅਰਮੈਨ ਸੀਏ ਵਰਿੰਦਰ ਮੋਹਨ ਸਿੰਘਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨਕਮ ਟੈਕਸ ਵਿਭਾਗ ਵੱਲੋਂ ਸਮੇਂ—ਸਮੇਂ 'ਤੇ ਇਸ ਤਰ੍ਹਾਂ ਦੀਆਂ ਮੀਟਿੰਗਾਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਕਰਦਾਤਿਆਂ ਅਤੇ ਪ੍ਰੋਫੈਸ਼ਨਲਜ਼ ਨੂੰ ਟੈਕਸ ਨਾਲ ਸੰਬੰਧਿਤ ਨਿਯਮਾਂ ਅਤੇ ਪ੍ਰਕਿਰਿਆਵਾਂ ਬਾਰੇ ਸਹੀ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਟੈਕਸੇਸ਼ਨ ਬਾਰ ਐਸੋਸੀਏਸ਼ਨ ਹਮੇਸ਼ਾ ਕਰਦਾਤਿਆਂ ਨੂੰ ਜਾਗਰੂਕ ਕਰਨ ਅਤੇ ਆਇਕਰ ਵਿਭਾਗ ਨਾਲ ਸਹਿਯੋਗ ਕਰਦੇ ਹੋਏ ਕੰਮ ਕਰਨ ਲਈ ਤਤਪਰ ਰਹਿੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਨਮ ਦਿਹਾੜੇ 'ਤੇ ਵਿਸ਼ੇਸ਼

# ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ





ਨੌਜਵਾਨਾਂ ਦੇ ਦਿਲਾਂ ਤੇ ਰਾਜ ਕਰਨ ਵਾਲੇ ਅਤੇ ਪੰਥ ਦੇ ਰੂਹੇ-ਰਵਾਂ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਨੇ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਪਵਿੱਤਰਤਾ ਖਾਤਿਰ ਸ਼ਹੀਦੀ ਦੇ ਕੇ ਵੀਹਵੀਂ ਸਦੀ ਵਿਚ ਵੀ ਇਹ ਸਾਬਿਤ ਕਰ ਦਿੱਤਾ ਕਿ ਸਿੱਖਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਆਪਣੀ ਜਾਨ ਤੋਂ ਵੀ ਵੱਧ ਪਿਆਰਾ ਹੈ। ਭਾਈ ਅਮਰੀਕ ਸਿੰਘ ਜੀ ਦਾ ਜਨਮ ਦਮਦਮੀ ਟਕਸਾਲ ਦੇ ਤੇਹਰਵੇਂ ਮੁਖੀ ਸੰਤ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਘਰ ਮਾਤਾ ਨਰਿੰਜਨ ਕੌਰ ਜੀ ਦੀ ਕੁੱਖੋਂ ਪਿੰਡ ਭੂਰਾ ਕੋਹਨਾ ਨੇੜੇ ਖੇਮਕਰਨ ਵਿਖੇ ਹੋਇਆ। ਉਨ੍ਹਾਂ ਮੁਢਲੀ ਵਿਦਿਆ ਪਿੰਡ ਦੇ ਹਾਈ ਸਕੂਲ ਤੋਂ ਪ੍ਰਾਪਤ ਕਰਕੇ ਉਚੇਰੀ ਵਿਦਿਆ ਦੇ ਲਈ ਖਾਲਸਾ ਕਾਲਜ ਅੰਮ੍ਰਿਤਸਰ ਦਾਖਲਾ ਲਿਆ। ਭਾਈ ਅਮਰੀਕ ਸਿੰਘ ਬਚਪਨ ਤੋਂ ਹੀ ਧਾਰਮਿਕ ਰੁਚੀਆਂ ਦੇ ਮਲਿਕ ਸਨ। ਉਨ੍ਹਾਂ ਦੇ ਦਾਦਾ ਜਥੇਦਾਰ ਝੰਡਾ ਸਿੰਘ ਪੂਰਨ ਗੁਰਸਿੱਖ ਅਤੇ ਟਕਸਾਲੀ ਅਕਾਲੀ ਸਨ ਜਦੋਂ ਕਿ ਪਿਤਾ ਸੰਤ ਕਰਤਾਰ ਸਿੰਘ ਜੀ ਖਾਲਸਾ ਨੇ ਦਮਦਮੀ ਟਕਸਾਲ ਦੇ ਮੁਖੀ ਹੁੰਦਿਆਂ ਐਮਰਜੰਸੀ ਦੌਰਾਨ 37 ਵੱਡੇ ਧਾਰਮਿਕ ਜਲੂਸ ਕੱਢ ਕੇ ਹਜ਼ਾਰਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਅਤੇ ਦਿਨ-ਰਾਤ ਸਿੱਖੀ ਦਾ ਪ੍ਰਚਾਰ ਕਰਕੇ ਸਿੱਖ-ਜਗਤ ਵਿਚ ਐਸੀ ਲਹਿਰ ਪ੍ਰਚੰਡ ਕੀਤੀ ਜਿਸਦੀ ਕੋਈ ਹੋਰ ਮਿਸਾਲ ਲਭਨੀ ਮੁਸ਼ਿਕਲ ਹੈ।

ਭਾਈ ਅਮਰੀਕ ਸਿੰਘ ਵਿਚ ਨਿਸ਼ਕਾਮਤਾ ਅਤੇ ਨਿਮਰਤਾ ਕੁੱਟ-ਕੁੱਟ ਕੇ ਭਰੀ ਹੋਈ ਸੀ। ਭਾਈ ਸਾਹਿਬ ਕਾਲਜ ਸਮੇ ਹੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਮੈਂਬਰ ਬਣੇ। 2 ਜੁਲਾਈ 1978 ਨੂੰ ਟੈਗੋਰ ਥੀਏਟਰ ਚੰਡੀਗੜ੍ਹ ਵਿਖੇ ਹੋਏ ਫੈਡਰੇਸ਼ਨ ਦੇ ਡੈਲੀਗੇਟ ਇਜਲਾਸ ਵਿਚ ਉਹ ਪ੍ਰਧਾਨ ਚੁਣੇ ਗਏ। ਉਹ ਸਮੇਂ ਸਕੂਲਾਂ-ਕਾਲਜਾਂ ਦੇ ਵਿਚ ਨਾਸਤਿਕਤਾ ਦਾ ਬੋਲਬਾਲਾ ਸੀ। ਭਾਈ ਸਾਹਿਬ ਨੇ ਆਪਣੇ ਸੁਯੋਗ ਸਾਥੀਆਂ ਦੇ ਸਹਿਯੋਗ ਦੇ ਨਾਲ ਬਹੁਗਿਣਤੀ ਸਕੂਲਾਂ-ਕਾਲਜਾਂ ਵਿਚ ਫੈਡਰੇਸ਼ਨ ਦੀਆਂ ਇਕਾਈਆਂ ਦਾ ਜਾਲ ਬਣ ਕੇ ਨੌਜਵਾਨਾਂ ਨੂੰ ਆਪਣੇ ਵਿਰਸੇ ਅਤੇ ਇਤਿਹਾਸ ਦਾ ਅਜਿਹਾ ਅਹਿਸਾਸ ਕਰਵਾਇਆ ਕਿ ਨਾਸਤਿਕ ਜਥੇਬੰਦੀਆਂ ਦੇ ਪੰਜਾਬ ਵਿਚ ਪੈਰ ਉੱਖੜਨੇ ਸ਼ੁਰੂ ਹੋ ਗਏ। ਭਾਈ ਸਾਹਿਬ ਦੀ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਜਰਨੈਲ ਸਿੰਘ ਭਿੰਡਰਾਵਾਲਿਆਂ ਦੇ ਨਾਲ ਦਿਲੀ ਸਾਂਝ ਅਤੇ ਇਕਸੁਰਤਾ ਨੇ ਵੀ ਨੌਜਵਾਨਾਂ ਦੇ ਵਿਚ ਵੱਡੀ ਜਾਗ੍ਰਿਤੀ ਲਿਆਂਦੀ। ਭਾਈ ਸਾਹਿਬ ਦੀ ਅਗਵਾਈ ਵਿਚ ਜਥੇਬੰਦੀ ਨੇ ਸਿੱਖ ਹਲਕਿਆਂ ਵਿਚ ਆਪਣੇ ਅਹਿਮ ਕਾਰਜ ਅਤੇ ਨਿਸ਼ਠਾ ਦੀ ਧਾਂਕ ਜਮਾਈ। ਭਾਈ ਸਾਹਿਬ ਜੇਲਾਂ ਵਿਚ ਬੰਦ ਨੌਜਵਾਨਾਂ ਦੀ ਪੈਰਵਾਈ ਦੇ ਵਿਚ ਮੋਹਰੀ ਰਹੇ। 19 ਜੁਲਾਈ 1982 ਨੂੰ ਨੌਜਵਾਨਾਂ ਦੇ ਕੇਸਾਂ ਦੀ ਪੈਰਵੀ ਕਰਦਿਆਂ ਭਾਈ ਸਾਹਿਬ ਨੂੰ ਬਾਬਾ ਠਾਹਰਾ ਸਿੰਘ ਸਮੇਤ ਅਮ੍ਰਿਤਸਰ ਕਚਿਹਰੀਆਂ ਵਿਚ ਪੁਲਸ ਨੇ ਗ੍ਰਿਫਤਾਰ ਕਰ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਅਮਰੀਕ ਸਿੰਘ ਦੀ ਗ੍ਰਿਫਤਾਰੀ ਤੋਂ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੇ ਸਰਕਾਰੀ ਜਬਰ ਵਿਰੁੱਧ ਮੋਰਚਾ ਲਗਾਉਣ ਦਾ ਫੈਸਲਾ ਕਰ ਲਿਆ ਅਤੇ ਉਸ ਦਿਨ ਆ ਕੇ 51 ਸਿੰਘਾਂ ਦਾ ਜਥਾ ਗ੍ਰਿਫਤਾਰੀਆਂ ਲਈ ਭੇਜ ਕੇ ਮੋਰਚੇ ਦਾ ਆਗਾਜ਼ ਕੀਤਾ। ਅਕਾਲੀ ਲੀਡਰਸ਼ਿਪ ਅਤੇ ਸੰਤ ਹਰਚੰਦ ਸਿੰਘ ਲੋਂਗੋਵਾਲ ਦੀ ਅਗਵਾਈ ਹੇਠ 4 ਅਗਸਤ 1982 ਨੂੰ ਉੱਕਤ ਮੋਰਚੇ ਨੂੰ ਅਪਨਾ ਕੇ ਧਰਮ ਯੁੱਧ ਦਾ ਰੂਪ ਦੇ ਦਿੱਤਾ। ਇਸ ਮੋਰਚੇ ਦੌਰਾਨ ਟਕਸਾਲ ਅਤੇ ਫੈਡਰੇਸ਼ਨ ਦੀ ਚੜ੍ਹਤ ਸਿਖਰਾਂ ਛੋਹਣ ਲੱਗੀ। ਭਾਵੇਂ ਭਾਈ ਸਾਹਿਬ 6 ਅਗਸਤ 1983 ਕੇਸਾਂ ਵਿੱਚੋਂ ਬਰੀ ਹੋ ਗਏ ਪਰ ਸਿੱਖ ਸਮਸਿਆਂ ਦੇ ਹੱਲ ਦੇ ਲਈ ਨਿਰੰਤਰ ਜਾਰੀ ਰਿਹਾ। 20 ਸਤੰਬਰ 1983 ਨੂੰ ਮੰਜੀ ਸਾਹਿਬ ਦੀਵਾਨ ਹਾਲ ਅੰਮ੍ਰਿਤਸਰ ਵਿਖੇ ਹੋਏ ਵਿਸ਼ਾਲ ਡੈਲੀਗੇਟ ਇਜਲਾਸ ਵਿਚ ਆਪ ਨੂੰ ਮੁੜ ਫੈਡਰੇਸ਼ਨ ਦਾ ਪ੍ਰਧਾਨ ਚੁਣ ਲਿਆ ਗਿਆ। ਕੇਂਦਰ ਸਰਕਾਰ ਨੇ ਪੰਥ ਦੀ ਹਰ ਮੈਦਾਨੇ ਫਤਹਿ ਹੁੰਦੀ ਦੇਖ ਕੇ 3 ਜੂਨ 1984 ਨੂੰ ਸਾਰੇ ਪੰਜਾਬ ਨੂੰ ਫੌਜ ਦੇ ਹਵਾਲੇ ਕਰਕੇ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕਰ ਦਿੱਤਾ। ਆਜ਼ਾਦ ਹਿੰਦੋਸਤਾਨ ਦੀ ਤਵਾਰੀਖ ਵਿਚ ਵਾਪਰੇ ਇਸ ਨਵੇਕਲੇ ਦਰਦਨਾਕ ਘੱਲੂਘਾਰੇ ਸਮੇ ਸੰਤ ਭਿੰਡਰਾਂਵਾਲਿਆਂ ਅਤੇ ਭਾਈ ਅਮਰੀਕ ਸਿੰਘ ਵੱਲੋਂ ਭਾਰਤੀ ਫੌਜਾਂ ਦਾ ਡੱਟ ਕੇ ਮੁਕਾਬਲਾ ਕੀਤਾ ਗਿਆ। 6 ਜੂਨ ਦੀ ਸਵੇਰ ਤੱਕ ਸ੍ਰੀ ਅਕਾਲ ਤਖਤ ਦੀ ਪਵਿੱਤਰ ਇਮਾਰਤ ਫੌਜੀ ਟੈਂਕਾਂ ਨੇ ਬੁਰੀ ਤਰ੍ਹਾਂ ਤਹਿਸ ਨਹਿਸ ਕਰ ਦਿੱਤੀ ਸੀ। ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾ ਵਿਚ ਸੈਂਕੜੇ ਸਿੱਖ ਜੁਝਾਰੂ ਅਤੇ ਸਿੱਖ ਸ਼ਰਧਾਲੂ ਸ਼ਹੀਦੀਆਂ ਪਾ ਚੁੱਕੇ ਸਨ। ਭਾਈ ਅਮਰੀਕ ਸਿੰਘ ਅਤੇ ਹੋਰ ਸਿੰਘ ਆਪਣੀ ਸੀਮਿਤ ਸ਼ਕਤੀ ਦੇ ਬਾਵਜੂਦ ਸਿੱਖ ਧਰਮ ਦੇ ਸਰਵਉੱਚ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਰਾਖੀ ਦੇ ਲਈ ਮੈਦਾਨ ਵਿਚ ਜੂਝਦੇ ਰਹੇ ਅਤੇ ਅੰਤ "ਸੂਰਾ ਸੋ ਪਹਿਚਾਨੀਐ ਜੁ ਰਲੈ ਦੀਨ ਕੇ ਹੇਤ ਪੁਰਜਾ ਪਰਜਾ ਕਟਿ ਮਰੇ ਕਬਹੂ ਨ ਛਾਡੇ ਖੇਤੁ" 6 ਜੂਨ ਨੂੰ ਸਵੇਰੇ 9 ਵਜੇ ਸਿੱਖੀ ਸਿਦਕ ਤੋਂ ਨਾ ਡੋਲਦੇ ਹੋਏ ਸ਼ਹਾਦਤ ਦਾ ਜਾਮ ਪੀ ਗਏ। ਭਾਈ ਸਾਹਿਬ ਮਗਰੋਂ ਉਨ੍ਹਾਂ ਦੀ ਧਰਮ ਪਤਨੀ ਬੀਬੀ ਹਰਮੀਤ ਕੌਰ ਸਪੁੱਤਰ ਭਾਈ ਤਰਲੋਚਨ ਸਿੰਘ, ਦੋ ਸੁਪੱਤਰੀਆਂ – ਬੀਬੀ ਸਤਵੰਤ ਕੌਰ ਅਤੇ ਬੀਬੀ ਪਰਮਜੀਤ ਕੌਰ ਅਤੇ ਉਨ੍ਹਾਂ ਦੇ ਛੋਟੇ ਭਰਾਤਾ ਭਾਈ ਮਨਜੀਤ ਸਿੰਘ ਪੰਥ ਦੀ ਬੇਹਤਰੀ ਦੇ ਲਈ ਨਿਤ ਅਰਦਾਸਾਂ ਕਰਦੇ ਪੂਰਨ ਗੁਰਸਿਖੀ ਜੀਵਨ ਬਤੀਤ ਕਰ ਰਹੇ ਹਨ। ਅੱਜ ਦੇ ਸਮੇ ਭਾਈ ਅਮਰੀਕ ਸਿੰਘ ਦੇ ਭਤੀਜੇ ਭਾਈ ਕੰਵਰ ਚੜ੍ਹਤ ਸਿੰਘ ਫੈਡਰੇਸ਼ਨ ਦੀ ਕਮਾਨ ਸੰਭਾਲਦਿਆਂ ਭਾਈ ਸਾਹਿਬ ਦੇ ਦਰਸਾਏ ਨਕਸ਼ੇ ਕਦਮਾਂ 'ਤੇ ਚੱਲ ਕੇ ਨੌਜਵਾਨਾਂ ਦੇ ਵਿਚ ਗੁਰੂ ਪੰਥ ਅਤੇ ਗੁਰੂ ਗ੍ਰੰਥ ਪ੍ਰਤੀ ਸਿੱਖੀ ਭਾਵਨਾ ਉਜਾਗਰ ਕਰਨ ਵਿਚ ਅਪਨਾ ਯੋਗਦਾਨ ਪਾ ਰਹੇ ਹਨ ਅਤੇ ਉਨ੍ਹਾਂ ਦੀ ਸੋਚ ਨੂੰ ਜਿਓਂਦਾ ਰੱਖ ਰਹੇ ਹਨ। ਭਾਈ ਸਾਹਿਬ ਦੀ ਮਹਾਨ ਕੁਰਬਾਨੀ ਸਿੱਖ ਪੰਥ ਦੀ ਸਿਮਰਤੀ ਦਾ ਸਹਿਜ ਅੰਗ ਬਣ ਚੁੱਕੀ ਹੈ। ਇਹ ਸ਼ਹੀਦੀ ਹੱਕ ਸੱਚ ਲਈ ਸੰਘਰਸ਼ ਕਰਦਿਆਂ ਆਪ ਕੁਰਬਾਨ ਕਰਨ ਦੀ ਭਾਵਨਾ ਨੂੰ ਕਾਇਮ ਰੱਖਣ ਹਿੱਤ ਸਦੀਵੀ ਪ੍ਰੇਰਨਾ ਦਾ ਸੋਮਾ ਬਣੀ ਰਹੇਗੀ।

**- ਭਾਈ ਮਨਜੀਤ ਸਿੰਘ ਭੂਰਾ ਕੋਹਨਾ**
**ਮੈਂਬਰ ਐੱਸ ਜੀ ਪੀ ਸੀ**
**ਭਰਾਤਾ ਭਾਈ ਅਮਰੀਕ ਸਿੰਘ ਜੀ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਹਿਲਾ ਦਿਵਸ ਵਿਸ਼ੇਸ਼

# ਪੰਜਾਬ ਵਿੱਚ ਜਲਵਾਯੂ ਹੱਲਾਂ ਦੀ ਅਗਵਾਈ ਕਰਦੀਆਂ ਮਹਿਲਾਵਾਂ




**ਚੌਕ ਮਹਿਤਾ, 6 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਵਿੱਚ ਵਧ ਰਹੇ ਹਵਾ ਪ੍ਰਦੂਸ਼ਣ ਅਤੇ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਦੇ ਦਰਮਿਆਨ ਮਹਿਲਾਵਾਂ ਦੀ ਭੂਮਿਕਾ ਹੁਣ ਜਲਵਾਯੂ ਹੱਲਾਂ ਵਿੱਚ ਮਹੱਤਵਪੂਰਨ ਤਰੀਕੇ ਨਾਲ ਉਭਰ ਰਹੀ ਹੈ। ਅੰਮ੍ਰਿਤਸਰ ਵਿੱਚ ਇੰਦੂ ਅਰੋੜਾ, ਨਿਧਿ ਸਿੰਧਵਾਨੀ, ਸ਼ਵੇਤਾ ਮਹਿਰਾ ਅਤੇ ਡਾ. ਅਮ੍ਰਿਤਾ ਰਾਣਾ ਵਰਗੇ ਨਾਗਰਿਕ ਨੇਤ੍ਰਿਤਵ ਨਾਲ ਜੁੜੇ ਨਾਮ ਪਰਿਆਵਰਨ, ਜਨ ਸਿਹਤ ਅਤੇ ਸ਼ਹਿਰੀ ਸਥਿਰਤਾ ਦੇ ਮਸਲਿਆਂ ਵਿਚਕਾਰ ਮਜ਼ਬੂਤ ਸੰਬੰਧ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਅੰਮ੍ਰਿਤਸਰ ਵਿੱਚ ਇੰਡਿਅਨ ਮੈਡੀਕਲ ਐਸੋਸੀਏਸ਼ਨ ਦੀ ਪ੍ਰਧਾਨ ਡਾ. ਅਮ੍ਰਿਤਾ ਰਾਣਾ ਲਗਾਤਾਰ ਖਰਾਬ ਹਵਾ ਦੀ ਗੁਣਵੱਤਾ ਦੇ ਸਿਹਤ 'ਤੇ ਪੈਣ ਵਾਲੇ ਪ੍ਰਭਾਵ—ਖ਼ਾਸ ਕਰਕੇ ਸਾਹ ਅਤੇ ਦਿਲ ਦੀਆਂ ਬਿਮਾਰੀਆਂ—ਵੱਲ ਧਿਆਨ ਖਿੱਚਦੀਆਂ ਰਹੀਆਂ ਹਨ। ਉਨ੍ਹਾਂ ਨੇ ਮੈਡੀਕਲ ਅਤੇ ਜਨ ਸਿਹਤ ਨਾਲ ਜੁੜੇ ਤੱਥਾਂ ਨੂੰ ਲੋਕ ਚਰਚਾ ਦਾ ਹਿੱਸਾ ਬਣਾਉਂਦੇ ਹੋਏ ਸਾਫ਼ ਹਵਾ ਨੂੰ ਸਿਹਤ ਸੁਰੱਖਿਆ ਨਾਲ ਜੋੜਿਆ ਹੈ।

ਸਮੁਦਾਇਕ ਪੱਧਰ 'ਤੇ ਇੰਦੂ ਅਰੋੜਾ, ਨਿਧਿ ਸਿੰਧਵਾਨੀ ਅਤੇ ਸ਼ਵੇਤਾ ਮਹਿਰਾ ਪਰਿਆਵਰਨ ਨਾਲ ਜੁੜੇ ਮਸਲਿਆਂ 'ਤੇ ਲੋਕ ਭਾਗੀਦਾਰੀ ਵਧਾਉਣ ਅਤੇ ਵਿਵਹਾਰਿਕ ਸ਼ਹਿਰੀ ਹੱਲਾਂ ਨੂੰ ਪ੍ਰੋਤਸਾਹਿਤ ਕਰਨ ਲਈ ਸਰਗਰਮ ਹਨ। ਉਨ੍ਹਾਂ ਦਾ ਕੰਮ ਕਚਰਾ ਪ੍ਰਬੰਧਨ, ਆਵਾਜਾਈ, ਊਰਜਾ ਦੀ ਵਰਤੋਂ ਅਤੇ ਰੋਜ਼ਾਨਾ ਦੇ ਸ਼ਹਿਰੀ ਵਰਤਾਰੇ ਨੂੰ ਹਵਾ ਦੀ ਗੁਣਵੱਤਾ ਅਤੇ ਜਲਵਾਯੂ ਨਾਲ ਜੋੜਨ 'ਤੇ ਕੇਂਦ੍ਰਿਤ ਹੈ।

ਇਹ ਮਹਿਲਾਵਾਂ ਕਲੀਨ ਏਅਰ ਪੰਜਾਬ ਅਤੇ ਸਾਂਝ ਪੰਜਾਬ ਵਰਗੇ ਨੈੱਟਵਰਕਾਂ ਨਾਲ ਮਿਲ ਕੇ ਅੰਮ੍ਰਿਤਸਰ ਵਿੱਚ ਮਹਿਲਾਵਾਂ ਦੁਆਰਾ ਚਲਾਈਆਂ ਜਾਣ ਵਾਲੀਆਂ ਪਿੰਕ ਆਟੋ ਸੇਵਾਵਾਂ ਨੂੰ ਵੀ ਉਤਸ਼ਾਹਿਤ ਕਰ ਰਹੀਆਂ ਹਨ। ਖ਼ਾਸ ਕਰਕੇ ਰਾਹੀ ਯੋਜਨਾ ਤਹਿਤ ਇਲੈਕਟ੍ਰਿਕ ਪਿੰਕ ਆਟੋ ਨੂੰ ਪ੍ਰੋਤਸਾਹਨ ਦਿੱਤਾ ਗਿਆ ਹੈ, ਜਿਸ ਵਿੱਚ ਮਹਿਲਾ ਲਾਭਪਾਤਰੀਆਂ ਨੂੰ 90 ਫੀਸਦੀ ਤੱਕ ਸਬਸਿਡੀ ਮਿਲੀ ਹੈ। ਇਨ੍ਹਾਂ ਕੋਸ਼ਿਸ਼ਾਂ ਨੂੰ "ਚੱਲੋ ਅੰਮ੍ਰਿਤਸਰ" ਮੁਹਿੰਮ ਤੋਂ ਵੀ ਤਾਕਤ ਮਿਲੀ ਹੈ, ਜਿਸ ਦੀ ਅਗਵਾਈ ਸਮਿਤਾ ਕੌਰ ਕਰ ਰਹੀ ਹੈ। ਇਸ ਦੇ ਨਾਲ ਹੀ ਪੰਜਾਬ ਦੇ ਪਰਿਆਵਰਨ ਅੰਦੋਲਨ ਵਿੱਚ ਸੁਪ੍ਰੀਤ ਕੌਰ ਵੀ ਅਹਿਮ ਭੂਮਿਕਾ ਨਿਭਾ ਰਹੀ ਹੈ, ਜੋ ਈਕੋਸਿੱਖ ਰਾਹੀਂ ਮਿਆਵਾਕੀ ਮਿਨੀ ਫਾਰੇਸਟ ਵਰਗੇ ਸਮੁਦਾਇਕ ਉਪਰਾਲਿਆਂ ਨੂੰ ਅੱਗੇ ਵਧਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਗਿਆਨਕ ਪੱਧਰ 'ਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੀ ਡਾ. ਪ੍ਰਭਜੋਤ ਕੌਰ ਜਲਵਾਯੂ ਪਰਿਵਰਤਨ ਦੇ ਖੇਤੀਬਾੜੀ 'ਤੇ ਪ੍ਰਭਾਵ ਦਾ ਅਧਿਐਨ ਕਰ ਰਹੀ ਹੈ। ਇਸ ਤੋਂ ਇਲਾਵਾ ਡਾ. ਸਮਨਪ੍ਰੀਤ ਕੌਰ ਅਤੇ ਅਨੰਤਦੀਪ ਕੌਰ ਭੂਜਲ ਦੀ ਸਥਿਰਤਾ, ਸਿੰਚਾਈ ਅਤੇ ਮੌਸਮੀ ਤਬਦੀਲੀਆਂ ਦੇ ਪ੍ਰਭਾਵਾਂ 'ਤੇ ਖੋਜ ਕਰ ਰਹੀਆਂ ਹਨ।

ਖਾਲਸਾ ਕਾਲਜ ਫਾਰ ਵੂਮੈਨ ਦੇ ਏਅਰਕੇਅਰ ਸੈਂਟਰ ਵਿੱਚ ਡਾ. ਕੁਮਾਰੀ ਸੀਤਾ, ਕਿਰਨਜੋਤ ਕੌਰ, ਮਨਰੀਤ ਕੌਰ, ਕਵਲਪ੍ਰੀਤ ਕੌਰ, ਹਰਗੁਨ ਕੌਰ, ਨੰਦਨੀ, ਅਵਕੀਰਤ ਕੌਰ ਅਤੇ ਗੁਰਲੀਨ ਕੌਰ ਵਾਤਾਵਰਣ ਬਾਰੇ ਸਮੁਦਾਇਕ ਜਾਗਰੂਕਤਾ ਵਧਾਉਣ ਵਿੱਚ ਸਰਗਰਮ ਹਨ। ਖੇਤੀਬਾੜੀ ਅਤੇ ਉਦਯਮਤਾ ਦੇ ਖੇਤਰ ਵਿੱਚ ਗੁਰਪ੍ਰੀਤ ਕੌਰ ਖੇਤੀ ਵਿੱਚ ਵੈਲਯੂ ਐਡੀਸ਼ਨ ਨੂੰ ਉਤਸ਼ਾਹਿਤ ਕਰ ਰਹੀ ਹੈ।

ਸੰਗਰੂਰ ਦੀ ਨੌਜਵਾਨ ਕਿਸਾਨ ਅਮਨਦੀਪ ਕੌਰ ਕਹਿੰਦੀ ਹੈ, "ਪਰਾਲੀ ਸਾੜਨਾ ਸਿਰਫ਼ ਫਸਲ ਦੇ ਅਵਸ਼ੇਸ਼ਾਂ ਨੂੰ ਸਾੜਨਾ ਨਹੀਂ, ਸਗੋਂ ਜੈਵ ਵਿਭਿੰਨਤਾ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ।"

ਜਦੋਂ ਪੰਜਾਬ ਹਵਾ ਪ੍ਰਦੂਸ਼ਣ, ਪਰਾਲੀ ਸਾੜਨ ਅਤੇ ਪਾਣੀ ਦੇ ਸੰਕਟ ਵਰਗੀਆਂ ਚੁਣੌਤੀਆਂ ਨਾਲ ਜੂਝ ਰਿਹਾ ਹੈ, ਉਸ ਸਮੇਂ ਇਹ ਮਹਿਲਾਵਾਂ ਵਿਚਾਰਾਂ ਨੂੰ ਕਾਰਵਾਈ ਵਿੱਚ ਬਦਲਦੀਆਂ ਹੋਈਆਂ ਇੱਕ ਸਾਫ਼ ਅਤੇ ਟਿਕਾਊ ਭਵਿੱਖ ਦੀ ਦਿਸ਼ਾ ਤੈਅ ਕਰ ਰਹੀਆਂ ਹਨ।

### ਪੰਜਾਬ ਅੰਦਰ ਮੁੜ 90 ਦੇ ਦਹਾਕੇ ਵਾਂਗ ਜ਼ੁਲਮ, ਮਨੁੱਖੀ ਅਧਿਕਾਰਾਂ ਦਾ ਘਾਣ

# ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤਾ ਜਾ ਰਿਹਾ ਵਿਵਹਾਰ ਚਿੰਤਾਜਨਕ: ਪੰਥਕ ਜਥੇਬੰਦੀਆਂ ਜਰਮਨੀ

**ਨਵੀਂ ਦਿੱਲੀ 6 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਪੰਥਕ ਜਥੇਬੰਦੀਆਂ ਜਰਮਨੀ ਪੰਜਾਬ ਚ ਵਧਦੇ ਝੂਠੇ ਪੁਲਿਸ ਮੁਕਾਬਲਿਆਂ ਤੇ ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ ਬੱਬਰ ਖਾਲਸਾ, ਜਰਮਨੀ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਭਾਈ ਹੀਰਾ ਸਿੰਘ ਮੱਤੇਵਾਲ, ਇੰਟਰਨੈਸਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ, ਦਲ ਖਾਲਸਾ ਜਰਮਨੀ ਦੇ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ ਵੱਲੋਂ ਭਾਈ ਰਣਜੀਤ ਸਿੰਘ ਦੀ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਉਨ੍ਹਾਂ ਕਿਹਾ ਸਿੱਖਾਂ ਦਾ ਵੱਖਰੇ ਘਰ ਖਾਲਿਸਤਾਨ ਤੋ ਬਿਨਾ ਸਿੱਖ ਦਾ ਭਵਿੱਖ ਨਹੀ ਹੈ ।ਕਿਉਕਿ ਸਿੱਖ ਨੌਜਵਾਨਾਂ ਦਾ ਯੋਜਨਾਬੱਧ ਤਰੀਕੇ ਨਾਲ ਸਰਕਾਰੀ ਏਜੰਸੀਆਂ ਵੱਲੋਂ ਨਸ਼ਾ ਤਸਕਰ, ਗੈਂਗਸਟਰ, ਅੱਤਵਾਦੀ ਵਰਗੇ ਦੋਸ਼ ਲਾਅ ਝੂਠੇ ਪੁਲਿਸ ਮੁਕਾਬਲਿਆਂ ਚ ਮਾਰਨ ਦਾ ਸਿਲਸਿਲਾ ਲਗਾਤਾਰ ਵਧਦਾ ਜਾ ਰਿਹਾ ਹੈ। ਪਿਛਲੇ ਤਿੰਨ ਕੁ ਮਹੀਨਿਆਂ ਅੰਦਰ ਤਕਰੀਬਨ 35 ਤੋਂ 40 ਨੌਜਵਾਨਾਂ ਨੂੰ ਇਹਨਾਂ ਦੋਸ਼ਾਂ ਦੀ ਆੜ ਹੇਠ ਮਾਰ ਮੁੱਕਾ ਦਿੱਤਾ ਗਿਆ ਹੈ। ਨਿਰਦੋਸ਼ ਸਿੱਖ ਬੀਬੀਆਂ ਨੂੰ ਪੁਲਿਸ ਵੱਲੋਂ ਥਾਣਿਆਂ ਚ ਨਾਜਾਇਜ਼ ਹਿਰਾਸਤ ਚ ਰੱਖ ਕੇ ਤਸ਼ੱਦਦ ਅਤੇ ਬੇਪਤੀ ਕਰਨਾ ਅਤਿ ਨਿੰਦਣ ਯੋਗ ਹੈ। ਪੰਜਾਬ ਅੰਦਰ ਇਨਸਾਫ ਨਾਮ ਦੀ ਕੋਈ ਗੱਲ ਨਜ਼ਰ ਨਹੀਂ ਆ ਰਹੀ। ਪੁਲਿਸ ਮੌਤ ਦਾ ਨੰਗਾ ਨਾਚ ਨਚਾ ਰਹੀ ਹੈ ਅਤੇ ਸਰਕਾਰ ਉਸ ਦੀ ਪਿੱਠ ਥਾਪੜ ਕੇ ਗੋਲੀ ਦਾ ਜਵਾਬ ਗੋਲੀ ਕਹਿ ਕਨੂੰਨ ਦੀਆਂ ਧੱਜੀਆਂ ਉੱਡਾਂ ਰਹੀ ਹੈ। ਪੰਜਾਬ ਅੰਦਰ ਮੁੜ ਉਹ 90 ਵਿਆਂ ਵਾਂਗ ਜ਼ੁਲਮ, ਮਨੁੱਖੀ ਅਧਿਕਾਰਾਂ ਦਾ ਘਾਣ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤਾ ਜਾ ਰਿਹਾ ਹੈ। ਉਹ ਹੀ ਪੁਰਾਣੀਆਂ ਘੜੀਆਂ ਘੜਾਈਆਂ ਕਹਾਣੀਆਂ "ਆਈਐਸਆਈ ਨਾਲ ਸਬੰਧ, ਹਥਿਆਰਾਂ ਦੀ ਬਰਾਮਦੀ ਲਈ ਜਾਂਦਿਆਂ ਪੁਲਿਸ ਪਾਰਟੀ ਤੇ ਹਮਲਾ ਕਰਨਾ ਤੇ ਜਵਾਬੀ ਕਾਰਵਾਈ ਚ ਦੋਸ਼ੀ ਦੀ ਮੌਤ" ਵਰਗੀਆਂ ਦੱਸੀਆਂ ਜਾ ਰਹੀਆਂ ਹਨ। ਕਨੂੰਨ ਦੀ ਉਲੰਘਣਾ ਕਰਨੇ ਵਾਲੇ ਲਈ ਕੋਈ ਦਲੀਲ ਅਪੀਲ ਅਦਾਲਤਾਂ ਨਹੀ। ਅੱਜ ਇਹਨਾਂ ਹਾਲਤਾਂ ਦਾ ਮੁਕਾਬਲਾ ਕਰਨ ਲਈ ਪੰਜਾਬ ਦੇ ਹਰ ਵਰਗ ਨੂੰ ਇਕੱਤਰ ਹੋ ਪੰਜਾਬ ਦੀ ਨੌਜਵਾਨੀ ਨੂੰ ਹਰ ਪੱਖੋਂ ਬਚਾਉਣ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਸਿੱਖ ਬੀਬੀਆਂ ਨੂੰ ਪੁਲਿਸ ਦੀ ਨਾਜਾਇਜ਼ ਹਿਰਾਸਤ ਚੋਂ ਛਡਾਉਣਾ ਏਕਤਾ ਦਾ ਸ਼ਲਾਘਾਯੋਗ ਸਬੂਤ ਹੈ। ਏਕਤਾ ਨਾਲ ਹੀ ਸਿੱਖ ਨਸਲਕੁਸ਼ੀ ਕਰਨ ਦੇ ਸਰਕਾਰੀ ਮਨਸੂਬਿਆਂ ਨੂੰ ਮੂੰਹ ਤੋੜ ਜਵਾਬ ਦਿੱਤਾ ਜਾ ਸਕਦਾ।

ਆਵਾਜ਼ਿ ਕੌਮ AWAZE QAUM International Newspaper & WEB TV



**ਝੂਠੇ ਪੁਲਿਸ ਮੁਕਾਬਲੇ ਵਿਚ ਮਾਰੇ ਗਏ ਰਣਜੀਤ ਸਿੰਘ ਦੇ ਪਰਿਵਾਰ ਨਾਲ ਕੀਤਾ ਹਮਦਰਦੀ ਦਾ ਇਜ਼ਹਾਰ**

# ਪੰਜਾਬ ਸਰਕਾਰ ਆਪਣੀ ਮਿਆਦ ਪੂਰੀ ਕਰਨ ਖਾਤਰ ਲੋਕਰਾਜੀ ਪ੍ਰਣਾਲੀ ਨੂੰ ਤਿਆਗ ਕੇ ਸੂਬੇ ਨੂੰ ਬਣਾ ਰਹੀ ਪੁਲਿਸ ਰਾਜ- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਕੇ (ਰਜਿ)



**ਨਵੀਂ ਦਿੱਲੀ, 6 ਮਾਰਚ (ਮਨਪ੍ਰੀਤ ਸਿੰਘ ਖਾਲਸਾ):**-ਇਨ੍ਹਾਂ ਦਿਨਾਂ ਵਿੱਚ ਨੌਜਵਾਨ ਰਣਜੀਤ ਸਿੰਘ ਦੇ ਕਥਿਤ ਝੂਠੇ ਪੁਲਿਸ ਮੁਕਾਬਲੇ ਦਾ ਮਾਮਲਾ ਭਖਿਆ ਹੋਇਆ ਹੈ। ਦਰਅਸਲ ਮੁਕਾਬਲਾ ਅਚਾਨਕ ਹੁੰਦਾਂ ਹੈ ਜਦੋਂ ਇਹ ਕਿਹਾ ਜਾਂਦਾ ਹੈ ਕਿ ਇਨਕਾਊਂਟਰ ਕਰ ਦਿੱਤਾ ਅਤੇ 35 ਦੇ ਕਰੀਬ ਕਥਿਤ ਮੁਕਾਬਲਿਆਂ ਵਿੱਚ ਇੱਕ ਹੀ ਕਹਾਣੀ ਅਤੇ ਘਟਨਾਵਾਂ ਬਿਆਨ ਕੀਤੀਆਂ ਜਾਂਦੀਆ ਹਨ ਤਾਂ ਸ਼ੱਕ ਹੋਣਾ ਸੁਭਾਵਿਕ ਹੀ ਹੈ। ਸਮੂਹ ਇਨਸਾਫ ਪਸੰਦ ਧਿਰਾਂ ਨੂੰ ਬੇਨਤੀ ਹੈ ਕਿ ਇਕਮੁੱਠ ਹੋ ਕੇ ਇਸਦੀ ਨਿਰਪੱਖ ਜਾਂਚ ਕਰਵਾਈ ਜਾਵੇ। ਇੰਵ ਪ੍ਰਤੀਤ ਹੁੰਦਾ ਹੈ ਕਿ ਜਿਵੇਂ 1978ਵਿਆਂ ਵਾਲਾ ਦੌਰ ਮੁੜ ਪਰਤ ਆਇਆ ਹੋਵੇ, ਅਤੇ ਜਿਵੇਂ ਢਿੱਲਵਾਂ ਦੇ ਨਜਦੀਕ ਇਕ ਫਿਰਕੇ ਦੇ ਲੋਕਾਂ ਨੂੰ ਬੱਸ ਵਿਚੋਂ ਕੱਢ ਕੇ ਮਾਰਨ ਉਪਰੰਤ ਸੂਬਾ ਸਰਕਾਰ ਭੰਗ ਕਰਕੇ ਰਾਸ਼ਟਰਪਤੀ ਰਾਜ ਲਾਗੂ ਕੀਤਾ ਗਿਆ ਸੀ ਸ਼ਾਇਦ ਉਹ ਇਤਿਹਾਸ ਦੁਹਰਾਉਣ ਲਈ ਜਮੀਨ ਤਿਆਰ ਕੀਤੀ ਜਾ ਰਹੀ ਹੋਵੇ। ਪੰਜਾਬ ਸਰਕਾਰ ਵੀ ਸ਼ਾਇਦ ਬੇਬਸ ਹੋ ਕੇ ਸਿਰਫ ਆਪਣੀ ਮਿਆਦ ਪੂਰੀ ਕਰਨ ਖਾਤਰ ਲੋਕਰਾਜੀ ਪ੍ਰਣਾਲੀ ਨੂੰ ਤਿਆਗ ਕੇ ਸੂਬੇ ਨੂੰ ਪੁਲਿਸ ਰਾਜ ਬਣਾ ਚੁੱਕੀ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂ ਕੇ (ਰਜਿ) ਦੇ ਮੁੱਖ ਸੇਵਾਦਾਰ ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਸਮਰਾ, ਜਨਰਲ ਸਕੱਤਰ ਸਤਿੰਦਰ ਸਿੰਘ ਮੰਗੂਵਾਲ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਕਿਹਾ ਕਿ 2027 ਤੱਕ ਪੰਜਾਬ ਸਿਰ ਤਕਰੀਬਨ 5 ਲੱਖ ਕਰੋੜ ਦਾ ਕਰਜ਼ਾ ਹੋ ਜਾਵੇਗਾ ਕਿਸੇ ਵੀ ਪਾਰਟੀ ਕੋਲ ਇਸ ਆਰਥਿਕ ਸੰਕਟ ਵਿਚੋਂ ਨਿਕਲਣ ਲਈ ਕੋਈ ਰੋਡ ਮੈਪ ਨਾਂ ਹੋਣ ਦੇ ਬਾਵਜੂਦ ਹਰ ਪਾਰਟੀ ਸੱਤਾ ਹਥਿਆਉਣ ਲਈ ਤਰਲੋਮੱਛੀ ਹੋ ਰਹੀ ਹੈ। ਜਿਵੇਂ ਕਨਸੋਆਂ ਮੁਤਾਬਿਕ ਐਪਸਟੀਨ ਫਾਈਲਾਂ ਤੋਂ ਦੁਨੀਆਂ ਦਾ ਧਿਆਨ ਭੜਕਾਉਣ ਲਈ ਇਰਾਨ ਤੇ ਹਮਲਾ ਕਰਨ ਦੀਆਂ ਚਰਚਾਵਾਂ ਹਨ ਜੇ ਇਹ ਦੋਸ਼ ਸਹੀ ਹੈ ਤਾਂ ਸਮੇਂ ਦੀਆਂ ਸਰਕਾਰਾਂ ਕੁੱਝ ਵੀ ਕਰ ਸਕਦੀਆਂ ਹਨ, ਪਰ ਜਿਵੇਂ ਉਮੀਦ ਤੋਂ ਉਲਟ ਇਰਾਨ ਨੇ ਦ੍ਰਿੜ ਸਟੈਂਡ ਲੈ ਕੇ ਨਿਊ ਵਰਲਡ ਆਰਡਰ ਨੂੰ ਝਟਕਾ ਦਿੱਤਾ ਹੈ ਸੱਤਾ ਦੀ ਹਵਸ ਵਾਲਿਆਂ ਨੂੰ ਇਸ ਤੋਂ ਸਬਕ ਸਿੱਖਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਮਾਨ ਨੇ ਆਮ ਘਰ ਦੇ ਮੁੰਡੇ ਨੂੰ ਚੇਅਰਮੈਨ ਲਗਾ ਕੇ ਹਲਕੇ ਦੇ ਲੋਕਾਂ ਦਾ ਦਿਲ ਜਿੱਤਿਆ: ਆਪ ਆਗੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਦੇ ਅਤੀ ਨਜ਼ਦੀਕੀਆਂ ਵਜੋਂ ਜਾਣੇ ਜਾਂਦੇ ਆਮ ਘਰ ਦੇਮੁੰਡੇ ਮਿਹਨਤੀ ਅਤੇ ਇਮਾਨਦਾਰ ਸ, ਰਣਜੋਧ ਸਿੰਘ ਕਾਂਝਲਾ ਨੂੰ ਚੇਅਰਮੈਨ ਬਲਾਕ ਸੰਮਤੀ ਬਣਨ ਤੇ ਮੁਬਾਰਕਬਾਦ ਦਿੰਦਿਆਂ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਅਮਰੀਕ ਸਿੰਘ ਸੋਹੀ, ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਆਪ ਆਗੂ ਰਮਨਦੀਪ ਸਿੰਘ ਭਸੌੜ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਸਰਪੰਚ ਲਾਲੀ ਬੰਗਾਵਾਲੀ ਅਤੇ ਆਪ ਆਗੂ ਖਾਨ ਕਹੇਰੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂਆਮ ਘਰਾਂ ਦੇ ਮੁੰਡਿਆਂ ਨੂੰ ਚੇਅਰਮੈਨੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ ਜਿਸ ਦੇ ਤਹਿਤ ਰਣਜੋਤ ਸਿੰਘ ਕਾਂਝਲਾ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਬਣੇ ਹਨ। ਅਸੀਂ ਜਿੱਥੇ ਰਣਜੋਤ ਸਿੰਘ ਕਾਂਝਲਾ ਨੂੰ ਮੁਬਾਰਕਬਾਦ ਦਿੰਦੇ ਹਾਂ ਉੱਥੇ ਹੀ ਪੰਜਾਬ ਦੇ ਮੁੱਖ ਮੰਤਰੀ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ ਜਿਨਾਂ ਨੇ ਪਿੰਡ ਕਾਂਝਲਾ ਤੋਂ ਛੋਟੇ ਕਿਸਾਨ ਦੀ ਸਪੁੱਤਰ ਨੂੰ ਚੇਅਰਮੈਨ ਦੇ ਕੇ ਲੋਕਾਂ ਦਾ ਦਿਲ ਜਿੱਤਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ ਨਾਰੀ ਸ਼ਕਤੀ ਨੂੰ ਸਮਰਪਿਤ ਪ੍ਰੋਗਰਾਮ

# “ਸੋ ਕਿਉਂ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ”








**ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)**- ਅੰਤਰ ਰਾਸ਼ਟਰੀ ਨਾਰੀ ਦਿਵਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵਲੋਂ ਗੁਰੂ ਨਾਨਕ ਕਮਿਊਨਿਟੀ ਸਰਵਿਸਜ ਫਾਊਂਡੇਸ਼ਨ (ਜੀ. ਐੱਨ. ਸੀ. ਐੱਸ. ਐੱਫ.), ਕੈਨੇਡਾ ਦੇ ਸਹਿਯੋਗ ਨਾਲ ਨਾਰੀ ਸ਼ਕਤੀ ਨੂੰ ਸਮਰਪਿਤ ਪ੍ਰੋਗਰਾਮ “ਸੋ ਕਿਉਂ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ” ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ ਜਦਕਿ ਜੀ.ਐੱਨ.ਸੀ.ਐੱਸ.ਐੱਫ. ਦੇ ਚੇਅਰਮੈਨ ਡਾ. ਦਵਿੰਦਰ ਸਿੰਘ ਲੱਧੜ, ਪ੍ਰਧਾਨ ਮੇਜ਼ਰ ਸਿੰਘ ਨਾਗਰਾ ਅਤੇ ਜਰਨਲ ਸਕੱਤਰ ਸ. ਅਜਾਇਬ ਸਿੰਘ ਸੰਘਾ, ਚੀਫ ਜੁਡਿਸ਼ੀਅਲ ਮਜਿਸਟਰੇਟ, ਸਕੱਤਰ ਜਿਲ੍ਹਾ ਕਾਨੂੰਨੀ ਸੇਵਾ ਅਥਾਰਟੀ ਬਠਿੰਡਾ ਮੈਡਮ ਬਲਜਿੰਦਰ ਕੌਰ ਮਾਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਰਵਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੁਰਮਤਿ ਇੰਸਟੀਚਿਊਟ ਮੁੱਖ ਵੱਕਤਾ ਵਜੋਂ ਹਾਜਰ ਹੋਏ। ਸਮਾਰੋਹ ਦੇ ਮੁੱਖ ਆਯੋਜਕ ਤੋਂ ਇਲਾਵਾ ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਡਾ. ਪੀਯੂਸ਼ ਵਰਮਾ, ਵੱਖ ਵੱਖ ਵਿਭਾਗਾਂ ਦੇ ਡੀਨ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਹੋਏ। ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਨਾਰੀ ਹੁਣ ਪੀੜਤ ਨਹੀਂ ਹੈ ਸਗੋਂ ਹਰ ਖੇਤਰ ਵਿੱਚ ਉਸਨੇ ਪ੍ਰਾਪਤੀਆਂ ਕੀਤੀਆਂ ਹਨ। ਉਹਨਾਂ ਕਿਹਾ ਕਿ ਹਰ ਮਾਂ ਨੂੰ ਆਪਣੇ ਪੁੱਤਰ ਰਾਜਿਆਂ ਵਾਂਗ ਹੀ ਲਗਦੇ ਹਨ। ਇਸ ਲਈ ਪੁੱਤਰਾਂ ਨੂੰ ਆਪਣੀਆਂ ਮਾਂ ਨੂੰ ਇੱਕ ਮਹਾਰਾਣੀ ਵਾਲਾ ਸਨਮਾਨ ਦੇਣ ਦੀ ਲੋੜ ਹੈ। ਅਜੋਕੇ ਸਮੇਂ ਵਿੱਚ ਬਜੁਰਗਾਂ ਵਿਸ਼ੇਸ਼ ਕਰਕੇ ਮਾਂ ਦੀ ਇੱਜ਼ਤ ਕਰਨੀ ਬਹੁਤ ਜ਼ਰੂਰੀ ਹੈ, ਮਾਂ ਹੀ ਸਮੁੱਚੇ ਪਰਿਵਾਰ ਨੂੰ ਜੋੜਦੀ ਹੈ, ਕਿਉਂਕਿ ਮਾਂ ਦੇ ਚਰਨਾਂ ਵਿੱਚ ਜੰਨਤ ਵਸਦੀ ਹੈ। ਇਸ ਮੌਕੇ ਚੇਅਰਮੈਨ ਨਾਗਰਾ ਨੇ ਕੈਨੇਡਾ ਅਤੇ ਵਿਸ਼ਵ ਦੇ ਹੋਰ ਹਿੱਸਿਆ ਵਿੱਚ ਫਾਊਂਡੇਸ਼ਨ ਵਲੋਂ ਸਮਾਜ ਸੇਵਾ ਅਤੇ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਕਾਰਜਾਂ ਬਾਰੇ ਚਾਨਣਾ ਪਾਇਆ। ਵਿਸ਼ੇਸ਼ ਮਹਿਮਾਨ ਸੰਘਾਂ ਨੇ ਸਮਾਜ ਦੇ ਹਰ ਪ੍ਰਾਣੀ ਨੂੰ ਔਰਤਾਂ ਨਾਲ ਹੁੰਦੇ ਦੁਰ ਵਿਵਹਾਰ ਵਿਰੁੱਧ ਖੜ੍ਹੇ ਹੋਣ ਲਈ ਕਿਹਾ। ਮੈਡਮ ਬਲਜਿੰਦਰ ਕੌਰ ਮਾਨ ਨੇ ਕਿਹਾ ਕਿ ਸਿੱਖਿਆ ਹਾਸਲ ਕਰਕੇ ਹਰੇਕ ਨਾਰੀ ਨੂੰ ਆਪਣਾ ਭਵਿੱਖ ਆਪ ਲਿਖਣਾ ਪਵੇਗਾ ਉਹਨਾਂ ਨਾਰੀ ਜਗਤ ਨੂੰ ਆਪਣੇ ਹੱਕਾ ਲਈ ਜਾਗੂਰਕ ਹੋਣ ਦਾ ਹੋਕਾ ਦਿੱਤਾ। ਇਸ ਮੌਕੇ ਪ੍ਰੋ. ਵਾਈਸ ਚਾਂਸਲਰ ਡਾਂ. ਧੀਮਾਨ ਨੇ ਕਿਹਾ ਕਿ ਲੜਕੀਆਂ ਨੇ ਹੁਣ ਹਰ ਖੇਤਰ ਵਿੱਚ ਮੱਲਾਂ ਮਾਰੀਆਂ ਹਨ ਉਹਨਾਂ ਵਿਸ਼ੇਸ਼ ਤੌਰ ’ਤੇ ਮਾਨਯੋਗ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੁਰਮੂ ਦਾ ਜਿਕਰ ਕਰਦਿਆਂ ਕਿਹਾ ਕਿ ਹੁਣ ਆਉਣ ਵਾਲਾ ਸਮਾਂ ਨਾਰੀ ਸ਼ਕਤੀ ਦਾ ਹੈ। ਉਨ੍ਹਾਂ ਪ੍ਰੋਗਰਾਮ ਦੀ ਰੂਪਰੇਖਾ ਸਾਂਝੀ ਕੀਤੀ ਤੇ ਕਿਹਾ ਕਿ ਪਹਿਲਾਂ ਵੀ ਜੀ.ਕੇ.ਯੂ. ਔਰਤਾਂ ਦੇ ਸ਼ਸਤਕੀਕਰਨ ਲਈ ਪ੍ਰੋਗਰਾਮ ਉਲੀਕਦੀ ਰਹਿੰਦੀ ਹੈ। ਮੁੱਖ ਬੁਲਾਰੇ ਪ੍ਰਿੰਸੀਪਲ ਸਿੰਘ ਨੇ ਗੁਰੂ ਨਾਨਕ ਦੇਵ ਜੀ ਵਲੋਂ ਗੁਰੂ ਬਾਣੀ ਵਿੱਚ ਲਿਖੀ ਗਈ ਨਾਰੀ ਸ਼ਕਤੀ ਦੀ ਮਹੱਹਤਾ ਬਾਰੇ ਦੱਸਿਆ। ਇਸ ਮੌਕੇ ਡਾ. ਗੁਰਜੀਤ ਸਿੰਘ ਖਾਲਸਾ ਮੁਖੀ ਧਰਮ ਅਧਿਐਨ ਵਿਭਾਗ ਨੇ ਮੁੱਖ ਵਕਤਾ ਦੀ ਜਾਣਕਾਰੀ ਕਰਵਾਉਂਦੇ ਹੋਏ ਸਾਰਿਆਂ ਨੂੰ ਗੁਰੂ ਬਾਣੀ ਨੂੰ ਆਪਣੇ ਜੀਵਨ ਵਿੱਚ ਢਾਲਣ ਦੀ ਗੱਲ ਆਖੀ। ਸਮਾਰੋਹ ਵਿੱਚ ਨਾਰੀ ਸ਼ਕਤੀ ਨੂੰ ਸਮਰਪਿਤ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਨਾਮਵਰ ਕਵਿੱਤਰੀਆਂ ਡਾਂ. ਨਵਦੀਪ ਕੌਰ, ਡਾ. ਜੋਤੀ ਵਰਮਾ, ਦਵੀ ਸਿੱਧੂ ਤੇ ਅਮਨਦੀਪ ਮਾਨ ਨੇ ਆਪਣੀਆਂ ਕਵਿਤਾਵਾਂ ਰਾਹੀ ਦਰਸ਼ਕਾਂ ਦੀ ਖੂਬ ਵਾਹ ਵਾਹ ਖੱਟੀ। ਜਦਕਿ ਡਾ. ਜਸਪ੍ਰੀਤ ਕੌਰ ਫਲਕ ਵਲੋਂ ਭੇਜੀ ਗਈ ਕਵਿਤਾ ਨੂੰ ਡਾ. ਦਲਜੀਤ ਕੌਰ ਨੇ ਪੜ੍ਹਿਆ। ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਦੇ ਨਿਰਦੇਸ਼ਨ ਹੇਠ ਨਾਰੀ ਦੇ ਦਰਦ ਨੂੰ ਬਿਆਨ ਕਰਦੇ ਨਾਟਕ ਰੇਤ ਦੀਆਂ ਕੰਧਾਂ ਨੇ ਦਰਸ਼ਕਾ ਨੂੰ ਖੜ੍ਹੇ ਹੋ ਕੇ ਤਾੜੀਆਂ ਮਾਰਨ ਲਈ ਮਜ਼ਬੂਰ ਕੀਤਾ। ਆਯੋਜਕਾਂ ਵਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਫਾਊਂਡੇਸ਼ਨ ਵਲੋਂ ਰੇਤ ਦੀਆਂ ਕੰਧਾਂ ਦੇ ਮੰਚਨ ਲਈ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਨੂੰ 51000/- ਅਤੇ ਡਾ. ਧੀਮਾਨ ਵਲੋਂ 11000/- ਰੁਪਏ ਦੇ ਇਨਾਮ ਵਜੋਂ ਘੋਸ਼ਣਾ ਕੀਤੀ ਗਈ। ਡਿਪਟੀ ਡਾਇਰੈਕਟਰ ਲੋਕ ਸੰਪਰਕ ਲਵਲੀਨ ਸਚਦੇਵਾ ਅਤੇ ਡਾ. ਜੀਨੀਅਸ ਵਾਲੀਆ ਨੇ ਆਪਣੇ ਕਵਿਤਾਵਾਂ ਭਰਪੂਰ ਨਵੇਕਲੇ ਅੰਦਾਜ ਦੇ ਮੰਚ ਸੰਚਾਲਨ ਰਾਹੀਂ ਸਰੋਤਿਆਂ ਦੀ ਵਾਹ-ਵਾਹ ਖੱਟੀ।

# ਪੈਨਸ਼ਨਰਜ਼ 9 ਮਾਰਚ ਦੀ ਰੈਲੀ ਵਿੱਚ ਹੁੰਮ ਹੁਮਾ ਕੇ ਪਹੁੰਚਣਗੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ:) ਧੂਰੀ ਦੀ ਮੀਟਿੰਗ ਮਿਤੀ 06 ਮਾਰਚ 2026 ਨੂੰ ਰਾਮ ਬਾਗ ਵਿੱਚ ਪ੍ਰਧਾਨ ਜੈ ਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਭਾਰੀ ਗਿਣਤੀ ਵਿੱਚ ਪੈਨਸ਼ਨਰਜ਼ ਨੇ ਹਾਜ਼ਰੀ ਭਰੀ ਅਤੇ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 9 ਮਾਰਚ ਨੂੰ ਮੁਹਾਲੀ ਵਿਖੇ ਹੋ ਰਹੀ ਰੈਲੀ ਵਿੱਚ ਸ਼ਾਮਲ ਹੋਣ ਲਈ ਕਮਰ ਕੱਸੇ ਕਸਕੇ ਸ਼ਾਮਲ ਹੋਣ ਦੀ ਬਚਨ ਵਧਤਾ ਦਿਖਾਈ। ਮੀਟਿੰਗ ਦਾ ਸੰਚਾਲਨ ਜਸਵਿੰਦਰ ਸਿੰਘ ਮੂਲੋਵਾਲ ਨੇ ਬਾਖੂਬੀ ਕੀਤਾ ।ਇਸ ਸਮੇਂ ਵੱਖ ਵੱਖ ਬੁਲਾਰਿਆਂ ਹਰਦੇਵ ਸਿੰਘ ਜਵੰਦਾ ਸੁਬਾ ਮੀਤ ਪ੍ਰਧਾਨ, ਜਗਤਾਰ ਸਿੰਘ ਹਸਨਪੁਰ, ਕੁਲਵੰਤ ਸਿੰਘ ਚੇਅਰਮੈਨ,ਕਰਨੈਲ ਸਿੰਘ , ਹਰਿੰਦਰ ਸਿੰਘ ਪਲਾਸੌਰ ਅਤੇ ਜਸਵਿੰਦਰ ਸਿੰਘ ਮੂਲੋਵਾਲ ਨੇ ਸਰਕਾਰ ਦੇ ਅੜੀਅਲ ਵਤੀਰੇ,ਦੀ ਮੰਗਾਂ ਨਾ ਮੰਨਣ ਅਤੇ ਅਦਾਲਤਾਂ ਵੱਲੋਂ ਦਿਤੇ ਫੈਸਲਿਆਂ ਨੂੰ ਲਾਗੂ ਨਾ ਕਰਨ ਕਰਕੇ ,ਸਰਕਾਰ ਵਿਰੁੱਧ ਆਪਣੇ ਵਿਚਾਰਾਂ ਰਾਹੀਂ ਸਰਕਾਰ ਦੀ ਨਿਖੇਦੀ ਕੀਤੀ। ਹਾਜਰ ਸਾਥੀਆਂ ਨੇ ਇਸ ਈ ਕੇ ਵਾਈ ਸੀ ਬਗੈਰਾ ਬੇਹੁਦਾ ਫੈਸਲੇ ਲਾਗੂ ਕਰਨ ਦੀ ਨਖੇਦੀ ਕਰਕੇ ਇਸ ਨੂੰ ਰੱਦ ਕਰਨ ਦਾ ਮਤਾ ਪਾਸ ਕੀਤਾ। ਵਿੱਤ ਸਕੱਤਰ ਗਿਰਧਾਰੀ ਲਾਲ ਨੇ ਜਨਵਰੀ, ਫ਼ਰਵਰੀ ਮਹੀਨੇ ਦੀ ਆਮਦਨ ਤੇ ਖਰਚ ਦਾ ਲੇਖਾ ਜੋਖਾ ਪੇਸ਼ ਕੀਤਾ ਜਿਸ ਨੂੰ ਹਾਉਸ ਨੇ ਪਾਸ ਕਰ ਦਿੱਤਾ ।ਇਹ ਵੀ ਫੈਸਲਾ ਕੀਤਾ ਕੇ ਇਕ ਬੱਸ ਭਰਕੇ ਲੈਕੇ ਜਾਈ ਜਾਵੇਗੀ। ਇਸ ਸਮੇਂ ਬੁੱਧ ਸਿੰਘ,ਰਾਮ ਗੋਪਾਲ ਸ਼ਰਮਾ,ਸਾਧੂ ਸਿੰਘ, ਸੁਖਦੇਵ ਸਿੰਘ ਖੰਗੂੜਾ, ਹਰਿੰਦਰ ਸਿੰਘ ਪਲਾਸੌਰ, ਹਰਜਿੰਦਰ ਸਿੰਘ ਬੱਬਨ ਪੁਰ ,ਜੈ ਰਾਮ,ਰਾਏ ਚੰਦ,ਪ੍ਰੀਤਮ ਸਿੰਘ ਬੁਗਰਾ, ਅਵਤਾਰ ਸਿੰਘ, ਕਰਨੈਲ ਸਿੰਘ ਬਰੜਵਾਲ, ਰਣਜੀਤ ਸਿੰਘ ਢੀਂਡਸਾ, ਹਰਮਿੰਦਰ ਸਿੰਘ ਖੇੜੀ,ਗੁਰਦੇਵ ਸਿੰਘ ਕਾਤਰੋਂ,ਜੀਤ ਸਿੰਘ ਧੰਦੀਵਾਲ,ਸਾਧੂ ਸਿੰਘ ਪੇਧਨੀ, ਦਰਸ਼ਨ ਸਿੰਘ ਭਸੌੜ, ਹਰਭਜਨ ਸਿੰਘ ਖੇੜੀ, ਸੁਰਜੀਤ ਸਿੰਘ, ਬਚਿੱਤਰ ਸਿੰਘ,ਦਿਆਲ ਸਿੰਘ ਧੂਰਾ, ਚਰਨਜੀਤ ਸਿੰਘ ਸੋਹੀ ,ਇਕਬਾਲ ਖ਼ਾਨ, ਕਿਰਪਾਲ ਸਿੰਘ ਰਾਜੋਮਾਜਰਾ, ਹਰ ਜਗਦੀਸ਼ ਸਿੰਘ ਰਾਜੋਮਾਜਰਾ,ਕਿਦਾਰ ਨਾਥ,ਭਰਭੂਰ ਸਿੰਘ ਭੋਜੋਵਾਲੀ ,ਸੰਤ ਭਗਤ,ਕਰਮ ਸਿੰਘ ਮਾਨ,ਰਾਮ ਗੋਪਾਲ ਸ਼ਰਮਾ,ਸਿੰਘ,ਅਜੈਬ ਸਿੰਘ ਦੋਹਲਾ, ਤਰਸੇਮ ਲਾਲ ਭਸੋੜ,ਧਰਮ ਸਿੰਘ ਧੰਦੀਵਾਲ, ਦਰਬਾਰਾ ਸਿੰਘ ਬੁਗਰਾ, ਨੰਬਰਦਾਰ ਗੁਰਦਿਆਲ ਸਿੰਘ ਮੀਰਹੇੜੀ,ਬਲਦੇਵ ਸਿੰਘ,ਗਿਆਨ ਚੰਦ,ਕੇ ਐਨ ਸਿੰਗਲਾ, ਤਰਸੇਮ ਕੁਮਾਰ ਮਿੱਤਲ,ਹਰਚਰਨ ਸਿੰਘ ਲਹਿਰੀ,ਪੂਰਨ ਸਿੰਘ ਮੂਲੋਵਾਲ, ਦਰਸ਼ਨ ਸਿੰਘ ਮੂਲੋਵਾਲ, ਜਰਨੈਲ ਸਿੰਘ ਮੂਲੋਵਾਲ,ਸਾਰੇ ਹਾਜਰ ਸਨ। ਅਖੀਰ ਵਿੱਚ ਜੈ ਦੇ ਸ਼ਰਮਾ ਪ੍ਰਧਾਨ ਵੱਲੋਂ ਹਾਜਰ ਮੈਬਰਜ ਦਾ ਧੰਨਵਾਦ ਕੀਤਾ ਅਤੇ ਜੀ ਆਇਆਂ ਆਖਿਆ।

# ਕਕਾਰ ਅੰਮ੍ਰਿਤਧਾਰੀ ਸਿੱਖ ਪ੍ਰਾਣੀ ਲਈ ਧਾਰਮਿਕ ਵਿਸ਼ਵਾਸ ਦਾ ਪ੍ਰਤੀਕ ਅਤੇ ਸਿੱਖ ਦੀ ਰੋਜ਼ਾਨਾ ਜਿੰਦਗੀ ਦਾ ਹਨ ਅਨਖਿੜਵਾਂ ਅੰਗ: ਪਰਮਜੀਤ ਸਿੰਘ ਵੀਰਜੀ

## ਸਿੱਖ ਦੇਸ਼ ਦੀ ਸੁਪਰੀਮ ਕੋਰਟ ਅਤੇ ਪਾਰਲੀਮੈਂਟ ’ਚ ਕਕਾਰ ਧਾਰਣ ਕਰਕੇ ਜਾ ਸਕਦਾ ਫਿਰ ਪ੍ਰੀਖਿਆ ਕੇਂਦਰਾਂ ਵਲੋਂ ਬਚਿਆਂ ਨੂੰ ਕਿਸ ਤਾਕਤ ਅਤੇ ਆਦੇਸ਼ ਦੇ ਨਾਲ ਕਕਾਰ ਉਤਾਰਨ ਨੂੰ ਕੀਤਾ ਜਾਂਦਾ ਹੈ ਮਜਬੂਰ



**ਨਵੀਂ ਦਿੱਲੀ 6 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਦੇਸ਼ ਅੰਦਰ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਇਮਤਿਹਾਨ ਦੇਣ ਮੌਕੇ ’ਤੇ ਧਾਰਮਿਕ ਚਿੰਨ੍ਹ ਉਤਾਰਨ ਲਈ ਮਜਬੂਰ ਕਰਨਾ ਉਹਨਾਂ ਦੇ ਮਨੋਬਲ ਨੂੰ ਸੱਟ ਮਾਰਨ ਦੇ ਮਾਨਸਿਕ ਤੌਰ ਤੇ ਕਮਜ਼ੋਰ ਕਰਣ ਦੇ ਬਰਾਬਰ ਹੈ। ਭਾਰਤੀ ਸੰਵਿਧਾਨ ਦੇ ਆਰਟੀਕਲ 25ਏ ਦੇ ਤਹਿਤ ਸਿੱਖਾਂ ਨੂੰ ਕਕਾਰ ਧਾਰਨ ਕਰਨ ਦੇ ਮਿਲੇ ਅਧਿਕਾਰਾਂ ਦੀ ਉਲੰਘਣਾ ਕਰਨ ਦਾ ਦੋਸ਼ ਲਾਉਂਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਕਕਾਰ ਅੰਮ੍ਰਿਤਧਾਰੀ ਹਰ ਸਿੱਖ ਪ੍ਰਾਣੀ ਲਈ ਧਾਰਮਿਕ ਵਿਸ਼ਵਾਸ ਦਾ ਪ੍ਰਤੀਕ ਹੈ ਅਤੇ ਸਿੱਖ ਦੀ ਰੋਜ਼ਾਨਾ ਜਿੰਦਗੀ ਦਾ ਅਨਖਿੜਵਾਂ ਅੰਗ ਹੈ। ਵੀਰਜੀ ਨੇ ਸਵਾਲ ਕੀਤਾ ਕਿ ਅਗਰ ਕਕਾਰ ਧਾਰਨ ਕਰਕੇ ਸਿੱਖ ਨੂੰ ਦੇਸ਼ ਦੀ ਸੁਪਰੀਮ ਕੋਰਟ ਅਤੇ ਪਾਰਲੀਮੈਂਟ ’ਚ ਜਾਉਣ ਦੀ ਸੰਵਿਧਾਨ ਆਗਿਆ ਦਿੰਦਾ ਹੈ ਤਾਂ ਫਿਰ ਪ੍ਰੀਖਿਆ ਕੇਂਦਰਾਂ ਵਲੋਂ ਕਿਸ ਤਾਕਤ ਅਤੇ ਆਦੇਸ਼ ਦੇ ਨਾਲ ਸੁਰੱਖਿਆ ਦੇ ਨਾਮ ਤੇ ਕਕਾਰ ਉਤਾਰਨ ਨੂੰ ਮਜਬੂਰ ਕੀਤਾ ਜਾਂਦਾ ਹੈ। ਉਨ੍ਹਾਂ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕਾਂ ਨੂੰ ਆੜੇ ਹੱਥੀ ਲੈਂਦਿਆਂ ਕਿਹਾ ਕਿ ਇੰਨ੍ਹਾ ਵਲੋਂ ਕੀਤੇ ਜਾਂਦੇ ਦਾਹਵੇ ਕਿ ਬੱਚਿਆਂ ਨੂੰ ਪ੍ਰੀਖਿਆ ਦੌਰਾਨ ਕਕਾਰਾਂ ਨੂੰ ਲੈਕੇ ਕਿਸੇ ਪ੍ਰਕਾਰ ਤੰਗ ਪ੍ਰੇਸ਼ਾਨ ਨਹੀਂ ਕੀਤਾ ਜਾਏਗਾ ਖੋਖਲੇ ਸਾਬਿਤ ਹੋ ਰਹੇ ਹਨ ਅਤੇ ਕੇਂਦਰ ਨਾਲ ਨੇੜਤਾ ਦਸਣ ਦੇ ਬਾਵਜੂਦ ਪ੍ਰੀਖਿਆ ਕੇਂਦਰਾਂ ਨੂੰ ਕਕਾਰਾਂ ਸੰਬੰਧੀ ਨੋਟੀਫਿਕੇਸ਼ਨ ਜਾਰੀ ਨਾ ਕਰਵਾ ਪਾਣਾ ਇੰਨ੍ਹਾ ਦੀ ਨਾਕਾਬਲੀਅਤ ਜਗਜ਼ਾਹਿਰ ਹੁੰਦੀ ਹੈ । ਉਨ੍ਹਾਂ ਕਿਹਾ ਦਿੱਲੀ ਕਮੇਟੀ ਪ੍ਰਬੰਧਕ ਸਿੱਖਾਂ ਦੇ ਮਾਨ-ਸਨਮਾਨ ਪ੍ਰਤੀ ਗੈਰ ਸੰਜੀਦਾ ਹਨ, ਤਾਂ ਹੀ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਉਨ੍ਹਾਂ ਵਲੋਂ ਕੇਂਦਰ ਰਾਹੀਂ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਨਹੀਂ ਕਰਵਾਏ ਗਏ ਹਨ । ਅੰਤ ਵਿਚ ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਅਤਿ ਗੰਭੀਰ ਮਾਮਲੇ ਲਈ ਤੁਰੰਤ ਇਕ ਨਵਾਂ ਗਜ਼ਟ ਨੋਟੀਫਿਕੇਸ਼ਨ ਜਾਰੀ ਕੀਤਾ ਜਾਣਾ ਚਾਹੀਦਾ ਹੈ ਜਿਸ ਨਾਲ ਦੇਸ਼ ਦੇ ਕਿਸੇ ਵੀ ਸੂਬੇ ਵਿੱਚ ਸਿੱਖਾਂ ਦੀ ਮਰਿਆਦਾ ਨਾਲ ਖਿਲਵਾੜ ਨਾ ਹੋ ਸਕੇ ।

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਖੂਨਦਾਨ ਕੈਂਪ ਅੱਜ




**ਚੌਕ ਮਹਿਤਾ,6 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸਾਹਿਬ ਸ਼੍ਰੀ ਗੁਰ ਹਰਗੋਬਿੰਦ ਸਾਹਿਬ ਪਾਤਸ਼ਾਹੀ ਛੇਵੀਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਗੁਰ ਕੀ ਬੇਰ ਸਾਹਿਬ ਬੋਪਾਰਾਏ ਮਹਿਤਾ ਰੋਡ, ਅੰਮ੍ਰਿਤਸਰ ਵਿਖੇ ਵਿਸ਼ਾਲ ਖੂਨਦਾਨ ਕੈਂਪ ਅੱਜ 7 ਮਾਰਚ 2026 ਦਿਨ ਸ਼ਨੀਵਾਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਇਆ ਜਾ ਰਿਹਾ ਹੈ । ਇਹ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਨੇ ਖੂਨ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਖੂਨਦਾਨ ਕਰਨ ਤਾਂ ਜੋ ਕਿਸੇ ਲੋੜਵੰਦ ਦੀ ਮਦਦ ਕਰਕੇ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕੇ । ਗੁਰੂ ਦੇ ਜੀ ਲੰਗਰ ਅਟੁੱਟ ਵਰਤਨਗੇ।

# 9ਵਾਂ ਮਾਤਾ ਸੁਰਜੀਤ ਕੌਰ “ਅਠੌਲਾ” ਯਾਦਗਾਰੀ ਐਵਾਰਡ-2026 ਡਾ: ਸਤਿੰਦਰ ਕੌਰ ਕਾਹਲੋਂ ਦੀ ਝੋਲੀ ਪਵੇਗਾ





**ਚੌਕ ਮਹਿਤਾ, 6 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 41 ਸਾਲਾਂ ਤੋਂ ਨਿਰੰਤਰ ਸਾਹਿਤਕ ਸਰਗਰਮੀਆਂ ਰਾਹੀਨ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁੱਟੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ “ਕਵੀ ਦਰਬਾਰ, ਸਨਮਾਨ ਸਮਾਰੋਹ” ਮਿਤੀ 8 ਮਾਰਚ 2026, ਦਿਨ ਐਤਵਾਰ, ਸਵੇਰੇ 10 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ । ਸਭਾ ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਮੀਤ ਪ੍ਰਧਾਨ ਜਤਿੰਦਰਪਾਲ ਕੌਰ ਭਿੰਡਰਸਕੱਤਰ ਰਾਜਵਿੰਦਰ ਕੌਰ ਰਾਜ. ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਰਾਜਿੰਦਰ ਕੌਰ ਧਰਦਿਉ, ਹਰਵਿੰਦਰ ਕੌਰ ਬਾਠ, ਪ੍ਰੋ: ਹਰਮੇਸ਼ ਕੌਰ ਜੋਧੇ, ਮੈਡਮ ਅਨੂਪਮਾ, ਸਿਮਰਨ ਕੌਰ ਮਾਹਲਾ ਨੇ ਦੱਸਿਆ ਹੈ ਕਿ ਐਤਕੀਂ 9ਵਾਂ ਮਾਤਾ ਸੁਰਜੀਤ ਕੌਰ “ਅਠੌਲਾ” ਯਾਦਗਾਰੀ ਐਵਾਰਡ-2026, ਡਾ: ਸਤਿੰਦਰ ਕੌਰ ਕਾਹਲੋਂ (ਸਟੇਟ ਐਵਾਰਡੀ) ਸੰਪਾਦਕ “ਕਲਮਾਂ ਦੀ ਪਰਵਾਜ਼” ਨੂੰ ਦਿੱਤਾ ਜਾਵੇਗਾ । ਇਸ ਮੌਕੇ ਡਾ: ਬਲਜੀਤ ਕੌਰ (ਡੀਨ ਭਾਸ਼ਾਵਾਂ ਫੈਕਲਟੀ (ਸੇਵਾ ਮੁਕਤ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਡਾ: ਤੇਜਿੰਦਰ ਕੌਰ (ਸਾ: ਪ੍ਰੋਫੈਸਰ ਐਂਡ ਹੈੱਡ ਰਿਜਨਲ ਕੈਂਪਸ ਗੁਰੂ ਨਾਨਕ ਦੇਵ ਯੂਨੀਵਰਸਿਟੀ ਜਲੰਧਰ), ਡਾ: ਰਘਬੀਰ ਕੌਰ (ਸਾ: ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ, ਲੱਧੇਵਾਲੀ (ਜਲੰਧਰ) ਮੁੱਖ ਮਹਿਮਾਨ ਹੋਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਡਾ: ਹਰਸਿਮਰਨ ਕੌਰ (ਮੁਖੀ ਇੰਚਾਰਜ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ), ਡਾ: ਰਾਜਬੀਰ ਕੌਰ ਗਰੇਵਾਲ (ਪ੍ਰਧਾਨ ਸਾਹਿਤ ਤੇ ਭਾਸ਼ਾ ਸੈੱਲ, ਅੰਮ੍ਰਿਤਸਰ ਇੰਡਕ ਆਰਟ ਵੈਲਫੇਅਰ ਕੌਂਸਲ), ਗੁਰਜੀਤ ਕੌਰ ਅਜਨਾਲਾ (ਮੁੱਖ ਸੰਚਾਲਕ ਕਲਮਾਂ ਦਾ ਕਾਫ਼ਲਾ), ਪ੍ਰਿੰ: ਹਰਵਿੰਦਰ ਕੌਰ (ਦਸ਼ਮੇਸ਼ ਸਕੂਲ) ਸ਼ੁਸ਼ੋਭਿਤ ਹੋਣਗੇ।

### ਨੈਸ਼ਨਲ ਅਕਾਲੀ ਦਲ ਨੇ ਰਾਸ਼ਟਰੀ ਕਾਰਜਕਾਰਨੀ ਦਾ ਕੀਤਾ ਐਲਾਨ, ਦੇਸ਼ ਵਿਆਪੀ ਵਿਸਥਾਰ ਦੀ ਤਿਆਰੀ

# ਔਰਤਾਂ ਅਤੇ ਨੌਜਵਾਨਾਂ ਨੂੰ ਦਿੱਤੀਆਂ ਜਾਣਗੀਆਂ ਵੱਡੀਆਂ ਜ਼ਿੰਮੇਵਾਰੀਆਂ- ਪਰਮਜੀਤ ਸਿੰਘ ਪੰਮਾ





ਨਵੀਂ ਦਿੱਲੀ 6 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਸੰਗਠਨ ਦੀ ਨਵੀਂ ਰਾਸ਼ਟਰੀ ਕਾਰਜਕਾਰਨੀ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਸਮਾਜਿਕ ਸਰੋਕਾਰਾਂ ਨੂੰ ਆਪਣੇ ਮੂਲ ਵਿੱਚ ਰੱਖ ਕੇ ਕੰਮ ਕਰੇਗੀ ਅਤੇ ਦੇਸ਼ ਭਰ ਵਿੱਚ ਸੰਗਠਨ ਨੂੰ ਮਜ਼ਬੂਤ ਕਰੇਗੀ। ਨਵੀਂ ਐਲਾਨੀ ਗਈ ਕਾਰਜਕਾਰਨੀ ਵਿੱਚ, ਦਲਜੀਤ ਸਿੰਘ ਚੱਗਰ ਨੂੰ ਰਾਸ਼ਟਰੀ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇੰਦਰਜੀਤ ਸਿੰਘ ਆਸ਼ਟ, ਹਰਮਿੰਦਰ ਪਾਲ ਸਿੰਘ ਬਖਸ਼ੀ ਅਤੇ ਪਰਮਿੰਦਰ ਸਿੰਘ ਸੱਭਰਵਾਲ ਨੂੰ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਜਸਵੀਰ ਸਿੰਘ ਸਰਨਾ, ਵਿਕਰਾਂਤ ਮੋਹਨ, ਅਮਰਜੀਤ ਸਿੰਘ ਬੰਟੀ ਅਤੇ ਜਸਵਿੰਦਰ ਸਿੰਘ ਸੱਭਰਵਾਲ ਨੂੰ ਰਾਸ਼ਟਰੀ ਸਕੱਤਰ ਨਿਯੁਕਤ ਕੀਤਾ ਗਿਆ ਹੈ। ਕੁਲਦੀਪ ਸਿੰਘ ਮਰਵਾਹ ਨੂੰ ਦਿੱਲੀ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਜਦੋਂ ਕਿ ਵਰਿੰਦਰ ਆਰੀਆ ਨੂੰ ਸੂਬਾ ਉਪ ਪ੍ਰਧਾਨ, ਬਲਵਿੰਦਰ ਸਿੰਘ ਸਰਨਾ ਨੂੰ ਸਕੱਤਰ ਅਤੇ ਰਸ਼ਮੀਤ ਕੌਰ ਬਿੰਦਰਾ ਨੂੰ ਸਮਾਜਿਕ ਵਿੰਗ ਦਾ ਰਾਸ਼ਟਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪ੍ਰੈਸ ਕਾਨਫਰੰਸ ਦੌਰਾਨ, ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਸੰਗਠਨ ਜਲਦੀ ਹੀ ਔਰਤਾਂ, ਨੌਜਵਾਨ, ਧਾਰਮਿਕ ਪ੍ਰਚਾਰ, ਖੇਡਾਂ, ਵਪਾਰ ਅਤੇ ਸੱਭਿਆਚਾਰਕ ਵਿੰਗਾਂ ਦਾ ਐਲਾਨ ਕਰੇਗਾ। ਜ਼ਮੀਨੀ ਪੱਧਰ 'ਤੇ ਸੰਗਠਨ ਦੀ ਪਕੜ ਨੂੰ ਮਜ਼ਬੂਤ ਕਰਨ ਅਤੇ ਆਮ ਲੋਕਾਂ ਦੀਆਂ ਚਿੰਤਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਕਾਰਜਕਾਰਨੀ ਦਾ ਵਿਸਤਾਰ ਵੀ ਵੱਖ-ਵੱਖ ਰਾਜਾਂ ਵਿੱਚ ਕੀਤਾ ਜਾਵੇਗਾ। ਪਰਮਜੀਤ ਸਿੰਘ ਪੰਮਾ ਨੇ ਸਪੱਸ਼ਟ ਕੀਤਾ ਕਿ ਨੈਸ਼ਨਲ ਅਕਾਲੀ ਦਲ ਦਾ ਮੁੱਖ ਉਦੇਸ਼ ਸੱਤਾ ਦੀ ਰਾਜਨੀਤੀ ਨਹੀਂ ਹੈ, ਸਗੋਂ ਸਮਾਜ ਸੇਵਾ ਅਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਾ ਹੈ। ਸੰਗਠਨ ਸਮੇਂ-ਸਮੇਂ 'ਤੇ ਆਮ ਲੋਕਾਂ ਦੀ ਆਵਾਜ਼ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਲਈ ਕੰਮ ਕਰਦਾ ਰਹੇਗਾ। ਮਹਿੰਗਾਈ, ਭ੍ਰਿਸ਼ਟਾਚਾਰ, ਅੱਤਵਾਦ, ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ, ਸਕੂਲਾਂ ਅਤੇ ਕਾਲਜਾਂ ਵਿੱਚ ਬੱਚਿਆਂ ਦੇ ਦਾਖਲੇ ਵਿੱਚ ਮੁਸ਼ਕਲਾਂ ਅਤੇ ਸਕੂਲ ਫੀਸਾਂ ਵਿੱਚ ਵਾਧਾ ਵਰਗੇ ਮਹੱਤਵਪੂਰਨ ਮੁੱਦਿਆਂ ਨੂੰ ਤਰਜੀਹਾਂ ਵਜੋਂ ਉਠਾਇਆ ਜਾਵੇਗਾ। ਪੰਮਾ ਨੇ ਖਾਸ ਤੌਰ 'ਤੇ ਨੌਜਵਾਨਾਂ ਅਤੇ ਬੱਚਿਆਂ ਨੂੰ ਖੇਡਾਂ, ਸੱਭਿਆਚਾਰ ਅਤੇ ਸਕਾਰਾਤਮਕ ਗਤੀਵਿਧੀਆਂ ਵਿੱਚ ਸ਼ਾਮਲ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਦੀ ਪੀੜ੍ਹੀ ਮੋਬਾਈਲ ਫੋਨਾਂ ਅਤੇ ਔਨਲਾਈਨ ਗੇਮਾਂ 'ਤੇ ਬਹੁਤ ਜ਼ਿਆਦਾ ਸਮਾਂ ਬਿਤਾ ਰਹੀ ਹੈ, ਜਿਸ ਨਾਲ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਰੁਕਾਵਟ ਆ ਰਹੀ ਹੈ। ਸੰਗਠਨ ਅਜਿਹੇ ਪ੍ਰੋਗਰਾਮ ਆਯੋਜਿਤ ਕਰੇਗਾ ਜੋ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਸਮਾਜਿਕ ਕਦਰਾਂ-ਕੀਮਤਾਂ ਪ੍ਰਤੀ ਪ੍ਰੇਰਿਤ ਕਰਦੇ ਹਨ। ਪੰਮਾ ਨੇ ਇਹ ਵੀ ਕਿਹਾ ਕਿ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸੰਗਠਨ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਨੌਜਵਾਨਾਂ ਨੂੰ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਨਵੀਂ ਕਾਰਜਕਾਰਨੀ ਸੰਗਠਨ ਨੂੰ ਨਵੀਂ ਊਰਜਾ, ਨਵੀਂ ਦਿਸ਼ਾ ਅਤੇ ਵਿਆਪਕ ਜਨਤਕ ਸਮਰਥਨ ਪ੍ਰਦਾਨ ਕਰਨ ਵਿੱਚ ਮੁੱਖ ਭੂਮਿਕਾ ਨਿਭਾਏਗੀ। ਅੰਤ ਵਿੱਚ, ਉਨ੍ਹਾਂ ਕਿਹਾ ਕਿ ਨੈਸ਼ਨਲ ਅਕਾਲੀ ਦਲ ਪਿਛਲੇ ਲਗਭਗ 30 ਸਾਲਾਂ ਤੋਂ ਲਗਾਤਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਕਰਦਾ ਆ ਰਿਹਾ ਹੈ ਅਤੇ ਭਵਿੱਖ ਵਿੱਚ ਪੂਰੀ ਤਾਕਤ ਨਾਲ ਸਮਾਜ ਲਈ ਕੰਮ ਕਰਦਾ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਧੂਰੀ ਵਿਖੇ ਕਬੱਡੀ ਕੱਪ 19 ਮਾਰਚ ਨੂੰ : ਕਾਂਝਲਾ,ਮਾਨ, ਭੁੱਲਰ




ਧੂਰੀ ( ਰਣਜੀਤ ਸਿੰਘ ਪੇਧਨੀ )-ਸਹੀਦ ਬਾਬਾ ਦੀਪ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਦਸਵਾਂ ਸ਼ਾਨਦਾਰ ਕਬੱਡੀ ਟੂਰਨਾਮੈਂਟ ਧੂਰੀ ਦੀ ਅਨਾਜ ਮੰਡੀ ਵਿਖੇ ਕਲੱਬ ਦੇ ਪ੍ਰਧਾਨ ਦਲਜੀਤ ਸਿੰਘ ਮਾਨ ,ਸਰਬਜੀਤ ਸਿੰਘ ਭੁੱਲਰ ਅਤੇ ਉੱਘੇ ਸਮਾਜ ਸੇਵੀ ਸਰਦਾਰ ਹਰਜਿੰਦਰ ਸਿੰਘ ਕਾਝਲਾ ਮੈਂਬਰ ਜ਼ਿਲਾ ਪਰਿਸ਼ਦ ਦੀ ਅਗਵਾਈ ਹੇਠ 19 ਮਾਰਚ ਦਿਨ ਵੀਰਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਦਲਜੀਤ ਸਿੰਘ ਮਾਨ ਅਤੇ ਸਰਬਜੀਤ ਸਿੰਘ ਭੁੱਲਰ ਨੇ ਕਿਹਾ ਕਿ ਇੱਕ ਪਿੰਡ ਓਪਨ ਕਬੱਡੀ ਟੂਰਨਾਮੈਂਟ ਦਾ ਪਹਿਲਾ ਇਨਾਮ 71 ਹਜਾਰ ਅਤੇ ਦੂਸਰਾ ਇਨਾਮ 61ਹਜਾਰ ਰੁਪਏ ਰੱਖਿਆ ਗਿਆ ਹੈ ਉਹਨਾਂ ਕਿਹਾ ਕਿ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ 21-21 ਹਜਾਰ ਰੁਪਏ ਦੀ ਨਗਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਪੰਚਾਂ ਨੇ ਕਾਂਝਲਾ ਨੂੰ ਚੇਅਰਮੈਨ ਬਣਨ ਤੇ ਦਿੱਤੀ ਵਧਾਈ ਅਤੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ



ਧੂਰੀ ( ਰਣਜੀਤ ਸਿੰਘ ਪੇਧਨੀ )-2012 ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਦੇ ਆ ਰਹੇ, ਆਮ ਘਰ ਦੇ ਮੁੰਡੇ ਰਣਜੋਤ ਸਿੰਘ ਕਾਂਝਲਾ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਲਾਕ ਸੰਮਤੀ ਧੂਰੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਜਗਰੂਪ ਸਿੰਘ ਕੌਲਸੇੜੀ ਅਤੇ ਉੱਘੇ ਸਮਾਜ ਸੇਵੀ ਸਰਪੰਚ ਗੁਰਜੰਟ ਸਿੰਘ ਭੜੀ ਨੇਕਿ ਜਦੋਂ ਤੂੰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਅੱਜ ਤੱਕ ਮਾਨ ਸਰਕਾਰ ਨੇ ਆਮ ਘਰਾਂ ਦੇ ਮੁੰਡਿਆਂ ਨੂੰ ਚੇਅਰਮੈਨੀਆਂ ਦੇ ਕੇ ਨਿਵਾਜਿਆ ਹੈ ਉਹਨਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਹੀ ਵਿਕਾਸ ਦੀ ਹਨੇਰੀ ਦੇ ਕਾਰਨ 2027 ਦੇ ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਜਿਸ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਣ ਉਹਨਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਹੀ ਵਿਕਾਸ ਦੀ ਹਨੇਰੀ ਦੇ ਕਾਰਨ 2027 ਦੇ ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਜਿਸ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਣ ਉਹਨਾਂ ਕਿਹਾ ਕਿ ਪੰਜਾ ਰਹੀ ਹੈ ਜਿਸ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨਸ ਸੁਜਾਰੀ ਮੁੱਖ ਮੰਤਰੀ ਵਜੋਂ ਉਹਨਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਹੀ ਵਿਕਾਸ ਦੀ ਹਨੇਰੀ ਦੇ ਕਾਰਨ 2027 ਦੇ ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਿਸ ਦੇ ਚੱਲਦਿਆਂ ਭਗਵੰਤ ਸਿੰਘ ਮਾਨ 2027 ਵਿੱਚ ਦੂਸਰੀ ਵਾਰ ਮੁੱਖ ਮੰਤਰੀ ਬਣ ਕੇ ਲੋਕਾਂ ਵਿੱਚ ਆਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਨਿਯੁਕਤ ਚੇਅਰਮੈਨ ਸਿੰਕਦਰ ਸਿੰਘ ਖਿਦੋਵਾਲੀ ਨੇ ਗੁਰੂ ਕੀ ਬੇਰ ਸਾਹਿਬ ਕੀਤਾ ਸ਼ੁਕਰਾਨਾ



ਚੌਕ ਮਹਿਤਾ 6 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਮਜੀਠਾ ਬਲਾਕ ਦੇ ਵਾਈਸ ਚੇਅਰਮੈਨ ਬਣਨ ਤੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਕੀਤਾ ਸ਼ੁਕਰਾਨਾ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲਿਆਂ ਨੇ ਕੀਤਾ ਸਨਮਾਨਿਤ। ਮਹਾਂਪੁਰਖਾ ਨੇ ਸਿਰਪਾਓ ਅਤੇ ਦੁਸ਼ਾਲਾ ਦੇਕੇ ਕੀਤਾ ਸਨਮਾਨਿਤ ਅਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨਾਂ ਵਿਚ ਚੜਦੀ ਕਲਾ ਦੀ ਅਰਦਾਸ ਬੇਨਤੀ ਕੀਤੀ। ਇਸ ਮੌਕੇ ਤੇ ਬਚਿੱਤਰ ਸਿੰਘ ਫੌਜ਼ੀ, ਮਹਿਤਾਬ ਸਿੰਘ, ਬਿਕਰਮ ਸਿੰਘ ਮੈਂਬਰ, ਗੁਰਮੇਜ ਸਿੰਘ,ਸੁੱਚਾ ਸਿੰਘ, ਬਲਕਾਰ ਸਿੰਘ, ਗੁਰਵਿੰਦਰ ਸਿੰਘ, ਗੁਰਮੇਲ ਸਿੰਘ, ਬਿਕਰਮ ਸਿੰਘ, ਰਾਜਵਿੰਦਰ ਸਿੰਘ, ਕੇਵਲ ਸਿੰਘ, ਬਲਜਿੰਦਰ ਸਿੰਘ, ਨਿੰਦਰ ਸਿੰਘ ਬਾਠ ਭੋਏ,ਹਰਮਨ ਸਿੰਘ, ਜੋਬਨਜੀਤ ਸਿੰਘ, ਭਗਵੰਤ ਸਿੰਘ। ਬਾਬਾ ਰਾਜਾ ਬੁਲਾਰੀਆ, ਰਣਜੀਤ ਸਿੰਘ ਬਾਠ ਬਾਬੋਵਾਲ, ਜਸਾ ਸਿੰਘ ਬੋਪਾਰਾਏ, ਜਗਰੂਪ ਸਿੰਘ ਬੋਪਾਰਾਏ, ਹੈਂਡ ਗ੍ਰੰਥੀ ਭਾਈ ਸੁਲੱਖਣ ਸਿੰਘ, ਸਤਵੰਤ ਸਿੰਘ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਲੀਅਮ ਸੁਨਿਆਰੇ ਨੂੰ ਗਹਿਰਾ ਸਦਮਾ ਸੱਸ ਮਾਂ ਦਾ ਹੋਇਆ ਦਿਹਾਂਤ



ਜੰਡਿਆਲਾ ਗੁਰੂ 6ਮਾਰਚ ( ਕੁਲਵੰਤ ਸਿੰਘ ਵਿਰਦੀ ) ਅੱਜ ਸੀਨੀਅਰ ਪੱਤਰਕਾਰ ਬਲਜੀਤ ਸਿੰਘ ਬਿਟੂ (ਸੁਨਿਆਰਾ) ਦੇ ਪੁੱਤਰ ਵਿਲੀਅਮ ਸੁਨਿਆਰੇ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨਾਂ ਦੀ ਸੱਸ ਮਾਂ ਆਸਾ ਰਾਣੀ ਅਚਾਨਕ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਜਿਨਾਂ ਦੇ ਮ੍ਰਿਤਕ ਸਰੀਰ ਦੇ ਅੰਗੀਠੇ ਦਾ ਅੱਜ ਦੁਪਹਿਰ ਗਊਸ਼ਾਲਾ ਰੋਡ ਸਿਵਪੁਰੀ ਜੰਡਿਆਲਾ ਗੁਰੂ ਵਿਖੇ ਸਸਕਾਰ ਕਰ ਦਿੱਤਾ ਗਿਆ ਇਸ ਦੁਖਦਾਈ ਖਬਰ ਨੂੰ ਸੁਣ ਕਿ ਸਾਕ ਸਬੰਧੀਆਂ ਤੇ ਸਹਿਰ ਦੀਆਂ ਸ਼ਖਸੀਅਤਾਂ ਅਤੇ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਨੇ ਪ੍ਰੀਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ !

ਆਵਾਜ਼ਿ ਕੌਮ AWAZE QAUM International Newspaper & WEB TV

### ਸਫਾਈ ਕਰਮਚਾਰੀਆਂ ਨੂੰ ਸਰਕਾਰ ਦੁਆਰਾ ਨਿਸ਼ਚਿਤ ਦਰਾਂ ਅਨੁਸਾਰ

# ਤਨਖਾਹ ਦੇਣੀ ਯਕੀਨੀ ਬਣਾਈ ਜਾਵੇ - ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ




**ਜੰਡਿਆਲਾ ਗੁਰੂ , 6 ਮਾਰਚ ( ਕੁਲਵੰਤ ਸਿੰਘ ਵਿਰਦੀ )** - ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਅਧਿਕਾਰੀਆਂ ਅਤੇ ਸਫ਼ਾਈ ਕਰਮਚਾਰੀਆਂ ਦੀਆਂ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫ਼ਾਈ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰ ਵੱਲੋਂ ਬਣਾਏ ਨਿਯਮਾਂ ਅਤੇ ਕਿਰਤ ਕਾਨੂੰਨਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ ਅਤੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸਫਾਈ ਕਰਮਚਾਰੀਆਂ ਨੂੰ ਸਰਕਾਰ ਦੁਆਰਾ ਨਿਸ਼ਿਚਤ ਕੀਤੀਆਂ ਗਈਆਂ ਦਰਾਂ ਅਨੁਸਾਰ ਹੀ ਤਨਖਾਹ ਦਿੱਤੀ ਜਾਵੇ ।ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਨਗਰ ਨਿਗਮ ਅੰਮ੍ਰਿਤਸਰ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਗੱਲ ਦਾ ਵਿਸ਼ੇਸ਼ ਤੌਰ ਤੇ ਧਿਆਨ ਰੱਖਿਆ ਜਾਵੇ ਕਿ ਕਿਸੇ ਵੀ ਸਫਾਈ ਕਰਮਚਾਰੀ ਕੋਲੋ ਮੈਨੂਅਲ ਸਫਾਈ ਨਾ ਕਰਵਾਈ ਜਾਵੇ ।ਉਨ੍ਹਾਂ ਕਿਹਾ ਕਿ ਜੇਕਰ ਕਮਿਸ਼ਨ ਦੇ ਧਿਆਨ ਵਿਚ ਅਜਿਹਾ ਕੋਈ ਮਾਮਲਾ ਆਉਂਦਾ ਹੈ ਤਾਂ ਸਬੰਧਤ ਅਧਿਕਾਰੀ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਕੰਮ ਸਫਾਈ ਕਰਮਚਾਰੀਆਂ ਦੇ ਹਿੱਤਾਂ ਦਾ ਖਿਆਲ ਰੱਖਣਾ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ। ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਜੇਕਰ ਕਿਸੇ ਵੀ ਸਫਾਈ ਕਰਮਚਾਰੀ ਦੀ ਸਫਾਈ ਕਰਦਿਆਂ ਮੌਤ ਹੋ ਜਾਵੇ ਤਾਂ ਸਰਕਾਰ ਵਲੋ ਉਸਨੂੰ 30 ਲੱਖ ਰੁਪਏ ਦਾ ਬਣਦਾ ਮੁਆਵਜਾ ਦਿੱਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਕਰਮਚਾਰੀ ਭਾਵੇ ਪੱਕਾ ਹੋਵੇ ਜਾਂ ਕੱਚਾ ਭਾਵੇ ਠੇਕੇ ਤੇ ਹੋਵੇ ਜਾਂ ਆਊਟ ਸੋਰਸ ਤੇ ਕੰਮ ਕਰਦਾ ਹੋਵੇ ਉਹ ਵੀ ਇਸ ਵਿਚ ਕਵਰ ਹੁੰਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਫਾਈ ਕਰਮਚਾਰੀਆਂ ਦੇ ਸ਼ਨਾਖਤੀ ਕਾਰਡ ਜ਼ਰੂਰ ਬਣਾਏ ਜਾਣ ਅਤੇ ਉਸ ਕਾਰਡ ਵੀ ਉਨ੍ਹਾਂ ਦਾ ਬਲੱਡ ਗਰੁੱਪ ਜ਼ਰੂਰ ਦਰਸਾਇਆ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਕਮਿਸ਼ਨ ਸਫ਼ਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਸਬੰਧਿਤ ਵਿਭਾਗਾਂ ਕੋਲੋਂ ਉਨ੍ਹਾਂ ਦਾ ਹੱਲ ਕਰਵਾਏਗਾ ਅਤੇ ਜੇਕਰ ਕਿਸੇ ਵੀ ਸਫ਼ਾਈ ਕਰਮਚਾਰੀ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਕਮਿਸ਼ਨ ਨਾਲ ਸੰਪਰਕ ਕਰ ਸਕਦੇ ਹਨ ।ਮੀਟਿੰਗ ਦੌਰਾਨ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਨਗਰ ਨਿਗਮ ਵਿਚ ਸਫ਼ਾਈ ਕਰਮੀਆਂ ਦੀਆਂ ਪਈਆਂ ਖਾਲੀ ਪੋਸਟਾਂ ਨੂੰ ਤੁਰੰਤ ਭਰਿਆ ਜਾਵੇ ਅਤੇ ਸਫਾਈ ਕਰਮਚਾਰੀਆਂ ਨੂੰ ਸੁਰੱਖਿਆਂ ਕਿੱਟਾਂ ਜ਼ਰੂਰ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਗੱਲ ਦਾ ਵੀ ਵਿਸ਼ੇਸ ਧਿਆਨ ਰੱਖਿਆ ਜਾਵੇ ਕਿ ਸਫਾਈ ਕਰਮਚਾਰੀਆਂ ਦੀ ਮੈਡੀਕਲ ਬੀਮਾ ਜ਼ਰੂਰ ਕੀਤਾ ਜਾਵੇ ਤਾਂ ਜੋ ਕਿਸੇ ਅਣਸੁਖਾਵੀ ਘਟਨਾ ਵਿਚ ਕੰਮ ਆ ਸਕੇ ! ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਸ੍ਰੀ ਹਰਦੀਪ ਸਿੰਘ ਗਿੱਲ ਨੇ ਸਫਾਈ ਕਰਮਚਾਰੀ ਯੂਨੀਅਨਾਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ ਅਤੇ ਭਰੋਸਾ ਦਵਾਇਆ ਕਿ ਉਨ੍ਹਾਂ ਦੀਆਂ ਜਾਇਜ ਮੰਗਾਂ ਤੇ ਮੁਸ਼ਕਲਾਂ ਦਾ ਹੱਲ ਕਮਿਸ਼ਨ ਵੱਲੋਂ ਜ਼ਰੂਰ ਕੀਤਾ ਜਾਵੇਗਾ। ਮੀਟਿੰਗ ਤੋ ਪਹਿਲਾਂ ਇੰਦੌਰ(ਮਹਾਂਰਾਸ਼ਟਰ) ਵਿਖੇ ਸਫਾਈ ਕਰਦਿਆਂ ਮਰੇ ਸਫਾਈ ਕਰਮਚਾਰੀਆਂ ਦੀ ਯਾਦ ਵਿਚ ਦੋ ਮਿੰਟ ਦਾ ਮੋਨ ਵੀ ਰੱਖਿਆ ਗਿਆ। ਮੀਟਿੰਗ ਦੇ ਅਖੀਰ ਵਿਚ ਡਿਪਟੀ ਕਮਿਸ਼ਨਰ ਸ: ਦਲਵਿੰਦਰਜੀਤ ਸਿੰਘ ਨੇ ਵਾਈਸ ਚੇਅਰਮੈਨ ਨੂੰ ਭਰੋਸਾ ਦਵਾਇਆ ਕਿ ਤੁਹਾਡੇ ਵਲੋ ਜੋ ਵੀ ਹਦਾਇਤਾਂ ਕੀਤੀਆਂ ਗਈਆਂ ਹਨ, ਉਨ੍ਹਾਂ ਨੂੰ ਹਰ ਹੀਲੇ ਪੂਰਾ ਕੀਤਾ ਜਾਵੇਗਾ ਅਤੇ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰ.ਨ ਪਾਲਣਾ ਕੀਤੀ ਜਾਵੇਗੀ। ਇਸ ਮੀਟਿੰਗ ਵਿਚ ਹੋਰਨਾਂ ਤੋ ਇਲਾਵਾ ਸਹਾਇਕ ਕਮਿਸ਼ਨਰ ਨਗਰ ਨਿਗਮ ਸ਼੍ਰੀ ਵਿਸ਼ਾਲ ਵਧਾਵਨ, ਸਿਹਤ ਅਫਸਰ ਡਾਕਟਰ ਕਿਰਨ ਕੁਮਾਰ, ਡਾ. ਰਮਾ, ਸਿਵਲ ਸਰਜਨ ਡਾ. ਸ਼ਿਤੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਰਾਜੇਸ਼ ਸ਼ਰਮਾ, ਸਫਾਈ ਯੂਨੀਅਨਾਂ ਦੇ ਨੁਮਾਇੰਦੇ ਵਿਨੋਦ ਕੁਮਾਰ ਬਿੱਟਾ, ਸੁਰਿੰਦਰ ਟੋਨਾ, ਅਸ਼ੋਕ ਹੰਸ, ਸ਼ਕਤੀ ਕਲਿਆਨ ਤੋ ਇਲਾਵਾ ਪੁਲਿਸ ਵਿਭਾਗ, ਸ਼ਹਿਰੀ ਅਤੇ ਦਿਹਾਤੀ ਦੇ ਪੁਲਸ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਵੱਲੋਂ ਸਫਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ - ਗਿੱਲ

### ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ

# ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 06 ਮਾਰਚ (ਗੁਰਜੰਟ ਸਿੰਘ ਨਥੇਹਾ)- ਬਲਾਕ ਦੀ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਵੱਖ-ਵੱਖ ਵਿਸ਼ਿਆਂ ਤੇ ਸਾਥੀਆਂ ਨੂੰ ਸਿਹਤ ਸਹੂਲਤਾਂ ਬਾਰੇ ਦੱਸਿਆ ਗਿਆ ਖ਼ਾਸ ਕਰਕੇ ਜੋ ਹੁਣ ਕੋਲਡ ਅਤੇ ਬੁਖਾਰ ਚੱਲ ਰਿਹਾ ਹੈ ਇਸ ਦਾ ਸਹੀ ਇਲਾਜ ਅਤੇ ਪਰਹੇਜ ਬਾਰੇ ਦੱਸਿਆ ਗਿਆ। ਇਸ ਤੋਂ ਉਪਰੰਤ ਜ਼ਿਲਾ ਆਗੂ ਜਗਤਾਰ ਸਿੰਘ ਸੰਧੂ, ਦਰਸ਼ਨ ਸਿੰਘ ਗੋਬਿੰਦਪੁਰਾ, ਜਗਸੀਰ ਸਿੰਘ ਸ਼ਰਮਾ ਪ੍ਰਧਾਨ ਬਠਿੰਡਾ ਬਲਾਕ, ਕੁਲਵੰਤ ਸਿੰਘ ਬੀਬੀ ਵਾਲਾ ਬਲਾਕ ਨਥਾਣਾ, ਕੈਸ਼ੀਅਰ ਚਮਕੌਰ ਸਿੰਘ ਚੇਅਰਮੈਨ ਬਲਾਕ ਰਾਮਪੁਰਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜਿਲਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਸੀਨੀਅਰ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ, ਸਹਾਇਕ ਕੈਸ਼ੀਅਰ ਗੁਰਪ੍ਰੀਤ ਸਿੰਘ ਸਰਾਂ ਤਲਵੰਡੀ ਸਾਬੋ, ਰਛਪਾਲ ਸਿੰਘ ਤਲਵੰਡੀ ਸਾਬੋ, ਵਾਈਸ ਮੀਤ ਪ੍ਰਧਾਨ ਅਮਨ ਧਾਲੀਵਾਲ, ਵਾਈਸ ਮੀਤ ਪ੍ਰਧਾਨ ਗੁਰਨਾਮ ਸਿੰਘ ਖੋਖਰ, ਅੰਤਰ ਸਿੰਘ ਮਾਨ ਵਾਲਾ, ਹਰਭਗਵਾਨ ਸ਼ੇਖਪੁਰਾ, ਗੱਗੜ ਸਿੰਘ ਗਹਿਲੇਵਾਲਾ, ਭਰਪੂਰ ਸਿੰਘ ਸੀਂਗੋ, ਜਸਵੀਰ ਸਿੰਘ ਕੋਟ ਬਖਤੂ, ਕੁਲਵਿੰਦਰ ਸਿੰਘ ਕੋਟ ਫੱਤਾ, ਮੋਦਨ ਸਿੰਘ ਸੁਖਲੱਧੀ, ਚਾਨਣ ਰਾਮ ਜਗਾ, ਮੋਦਨ ਸਿੰਘ ਸੁਖਲੱਧੀ, ਕੇਵਲ ਸਿੰਘ ਸੁਖਲੱਧੀ, ਦਰਸ਼ਨ ਸਿੰਘ ਸੁਖਲੱਧੀ, ਜਗਰੂਪ ਸਿੰਘ, ਸੁਖਚਰਨ ਸਿੰਘ ਲੇਲੇਵਾਲਾ, ਬਲਵੰਤ ਸਿੰਘ ਤਲਵੰਡੀ ਸਾਬੋ, ਸੁਖਮੰਦਰ ਸਿੰਘ, ਅਮ੍ਰਿਤਪਾਲ ਸਿੰਘ ਤਲਵੰਡੀ ਸਾਬੋ, ਤਰਸੇਮ ਸਿੰਘ, ਗੁਰਦੀਪ ਸਿੰਘ ਲੇਲੇਵਾਲਾ, ਸੁਰੇਸ਼ ਕੁਮਾਰ ਤਲਵੰਡੀ ਸਾਬੋ, ਤਰਸੇਮ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ, ਸੁਖਦੇਵ ਸਿੰਘ, ਗੁਰਸੇਵਕ ਸਿੰਘ ਲੇਲੇਵਾਲਾ, ਗੁਰਲਾਲ ਸਿੰਘ ਬਹਿਮਣ, ਕੌਰ ਸਿੰਘ ਕੌਰੇਆਣਾ, ਦਰਸ਼ਨ ਸਿੰਘ ਰਾਮਾਂ ਮੰਡੀ, ਵਿਕਾਸ ਕੁਮਾਰ ਰਾਮਾਂ, ਰੋਸ਼ਨ ਸਿੰਘ, ਕੇਵਲ ਸਿੰਘ, ਨਰੇਸ਼ ਕੁਮਾਰ, ਹਰਵਿੰਦਰ ਸਿੰਘ ਚਹਿਲਾਂਵਾਲੀ, ਹਰਪ੍ਰੀਤ ਸਿੰਘ, ਵਿੱਕੀ ਸੇਠ, ਪ੍ਰਿਤਪਾਲ ਸਿੰਘ ਨੱਤ ਬੰਗੇਹਰ, ਕੁਲਵੰਤ ਸਿੰਘ, ਹਰਵਿੰਦਰ ਸਿੰਘ ਚਹਿਲਾਂ ਵਾਲੀ, ਵੈਦ ਰਾਜਾ, ਗੁਰਸੇਵਕ ਸਿੰਘ, ਕੁਲਵਿੰਦਰ ਸਿੰਘ ਕੋਟ ਬਖਤੂ, ਜਸਵੰਤ ਸਿੰਘ, ਨਸੀਬ ਸਿੰਘ, ਅਮਨਦੀਪ ਸਿੰਘ, ਜਗਰੂਪ ਸਿੰਘ ਗੋਲੇਵਾਲਾ, ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਗੁਰਵਿੰਦਰ ਸਿੰਘ ਬੰਗੀ ਦੀਪਾ, ਕੁਲਦੀਪ ਸਿੰਘ, ਜਗਸੀਰ ਸਿੰਘ ਸੀਂਗੋ, ਦਰਸ਼ਨ ਸਿੰਘ, ਨਰਿੰਦਰ ਸਿੰਘ ਬਹਿਮਣ, ਗਗਨਦੀਪ ਸਿੰਘ ਮਾਨ, ਸੁਖਪਾਲ ਸਿੰਘ ਬਹਿਮਣ ਜੱਸਾ ਸਿੰਘ, ਜਸਵੰਤ ਸਿੰਘ, ਨਾਜ਼ਰ ਸਿੰਘ ਸੁਖਲੱਧੀ, ਜਗਰੂਪ ਸਿੰਘ, ਤਰਸੇਮ ਸਿੰਘ, ਅਨਮੋਲ ਰਤਨ ਦੀਪ ਸਿੰਘ, ਪਰਮਜੀਤ ਸਿੰਘ ਮਾਹੀਨੰਗਲ, ਗੁ.ਲਾਬ ਸਿੰਘ ਫੁੱਲੋ ਖਾਰੀ, ਬਲਵੰਤ ਸਿੰਘ ਕਣਕਵਾਲ, ਅਨਿਲ ਕੁਮਾਰ ਕੋਟ ਫੱਤਾ, ਜਸਕਰਣ ਸਿੰਘ, ਸੁਖਚਰਨ ਸਿੰਘ ਲੇਲੇਵਾਲਾ, ਵਰਿੰਦਰ ਸਿੰਘ , ਨਵਪਰੀਤ ਸਿੰਘ ਸੀਂਗੋ ਆਦਿ ਸਾਥੀਆਂ ਨੇ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਨਿਰਮਾਣ ਵਿਭਾਗ ਵੱਲੋਂ ਬੀਤੇ ਚਾਰ ਸਾਲਾਂ ਵਿੱਚ 1464 ਕਰੋੜ ਰੁਪਏ ਦੀ ਕੀਤੀ ਗਈ ਬਚਤ : ਹਰਭਜਨ ਸਿੰਘ ਈ.ਟੀ.ਓ.

## 30 ਜੂਨ ਤੱਕ 45,000 ਕਿਲੋਮੀਟਰ ਸੜਕਾਂ ਦਾ ਹੋਵੇਗਾ ਨਿਰਮਾਣ: ਲੋਕ ਨਿਰਮਾਣ ਮੰਤਰੀ



**ਜੰਡਿਆਲਾ ਗੁਰੂ 6 ਮਾਰਚ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ ਪਾਰਦਰਸ਼ੀ ਟੈਡਰਿੰਗ ਪ੍ਰਣਾਲੀ ਰਾਹੀਂ 1464 ਕਰੋੜ ਰੁਪਏ ਦੀ ਬੀਤੇ ਚਾਰ ਸਾਲ ਵਿੱਚ ਬਚਤ ਕੀਤੀ ਗਈ ਹੈ। ਉਕਤ ਜਾਣਕਾਰੀ ਅੱਜ ਇੱਥੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਦਿੱਤੀ ਗਈ ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਟੈਂਡਰ ਪ੍ਰਕਿਰਿਆ ਆਰੰਭਣ ਤੋਂ ਪਹਿਲਾਂ ਦੀ ਪ੍ਰਕਿਰਿਆ ਨੂੰ ਹੋਰ ਜ਼ਿਆਦਾ ਵਿਗਿਆਨਕ ਅਤੇ ਤਰਕਸੰਗਤ ਬਣਾਉਣ ਸਦਕਾ ਇਹ ਬਚਤ ਸੰਭਵ ਹੋਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ 30 ਜੂਨ, 2026 ਤੱਕ ਰਾਜ ਦੀਆਂ 45,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਦਾ ਟੀਚਾ ਮਿੱਥਿਆ ਹੈ। ਜਿਸ ਵਿੱਚ 4700 ਕਿਲੋਮੀਟਰ ਨਵੀਆਂ ਸੜਕਾਂ ਦੇ ਨਿਰਮਾਣ ਦੇ ਨਾਲ-ਨਾਲ ਪੁਰਾਣੀਆਂ ਸੜਕਾਂ ਦੇ ਰੱਖ-ਰਖਾਅ ਅਤੇ ਚੌੜਾਕਰਨ ਦਾ ਕੰਮ ਵੀ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਉਤੇ 16209 ਕਰੋੜ ਰੁਪਏ ਖਰਚ ਆਉਣਗੇ ਉਨ੍ਹਾਂ ਦੱਸਿਆ ਕਿ ਨਿਰਮਾਣ ਕਾਰਜਾਂ ਵਿੱਚ ਗੁਣਵਤਾ ਨੂੰ ਯਕੀਨੀ ਬਣਾਉਣ ਲਈ ਸੀ.ਐਮ. ਫਲਾਇੰਗ ਸੁਕਐਡ ਵੱਲੋਂ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸੜਕਾਂ ਦੇ ਨਿਰਮਾਣ ਅਤੇ ਮੁਰੰਮਤ ਦੇ ਕਾਰਜ ਦਾ ਜਾਇਜਾ ਲੈਣ ਲਈ ਰੋਜ਼ਾਨਾ ਜ਼ਿਲ੍ਹਾਵਾਰ/ ਸਰਕਲ ਵਾਈਜ਼ ਰੀਵਿਊ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ।ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਰਾਜ ਵਿੱਚ ਸੜਕ ਘਣਤਾ 154 ਕਿਲੋਮੀਟਰ/100 ਸਕੁਆਇਰ ਕਿਲੋਮੀਟਰ ਹੈ। ਉਨ੍ਹਾਂ ਕਿਹਾ ਕਿ ਬੇਸ਼ਕ ਕੇਂਦਰ ਸਰਕਾਰ ਵੱਲੋਂ ਪੰਜਾਬ ਰਾਜ ਦਾ ਆਰ.ਡੀ.ਐਫ. ਦਾ 8800 ਕਰੋੜ ਰੁਪਏ ਲੰਬੇ ਸਮੇਂ ਤੋਂ ਅਦਾ ਨਹੀਂ ਕੀਤਾ ਗਿਆ, ਪਰ ਫਿਰ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰੀਨ ਸੜਕੀ ਨੈਟਵਰਕ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਵਿਕਾਸ ਵਿੱਚ ਸੜਕੀ ਮਾਰਗ ਧੁਰੇ ਵਜੋਂ ਕੰਮ ਕਰਦੀਆਂ ਹਨ ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਦੇ ਯਤਨਾਂ ਸਦਕਾ ਹੁਣ ਜਿਹੜੀ ਵੀ ਸੜਕ ਦਾ ਨਿਰਮਾਣ ਹੋ ਰਿਹਾ ਹੈ, ਉਸ ਦਾ ਅਗਲੇ ਪੰਜ ਸਾਲ ਦੀ ਰੱਖ-ਰਖਾਵ ਅਤੇ ਮੁਰੰਮਤ ਦੀ ਜ਼ਿੰਮੇਵਾਰੀ ਸੜਕ ਨਿਰਮਾਣ ਕਰਨ ਵਾਲੇ ਠੇਕੇਦਾਰ ਦੀ ਹੀ ਹੋਵੇਗੀ, ਜਿਸ ਨਾਲ ਸਰਕਾਰ 'ਤੇ ਰੱਖ-ਰਖਾਵ ਅਤੇ ਮੁਰੰਮਤ ਦਾ ਜਿੱਥੇ ਵਾਧੂ ਵਿੱਤੀ ਬੋਝ ਨਹੀਂ ਪਵੇਗਾ, ਉੱਥੇ ਨਾਲ ਹੀ ਲੋਕਾਂ ਨੂੰ ਟੁੱਟੀਆਂ-ਫੁੱਟੀਆਂ ਸੜਕਾਂ ਤੋਂ ਵੀ ਨਿਜਾਤ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਵੱਲੋਂ ਸਮੂਹ ਸਹੀਦਾਂ ਦੀ ਯਾਦ ਚ ਗੁਰਬਾਣੀ ਕੰਠ ਮੁਕਾਬਲੇ ਕਰਵਾਏ-ਭਾਈ ਹਰਦੇਵ ਸਿੰਘ

### ਸਮੇਂ ਨੂੰ ਮੁੱਖ ਰੱਖਦਿਆ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨਾ ਮਾਪਿਆਂ ਦਾ ਮੁੱਢਲਾ ਫਰਜ



**ਜੰਡਿਆਲਾ ਗੁਰੂ 6 ਮਾਰਚ ( ਕੁਲਵੰਤ ਸਿੰਘ ਵਿਰਦੀ )**-ਅੱਜ ਸਹੀਦ ਬਾਬਾ ਸੁੱਧਾ ਸਿੰਘ ਅਕੈਡਮੀ ਦੇ ਸੰਚਾਲਕ ਭਾਈ ਹਰਦੇਵ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਬੀਤੇ ਦਿਨ ਗੁਰੂ ਸਾਹਿਬ ਜੀ ਦੀ ਕਿਰਪਾ ਸਦਕਾ ਜ਼ਿਲਾ ਗੁਰਦਾਸਪੁਰ ਦੇ ਪਿੰਡ ਦਕੋਹਾ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਸੁੱਧਾ ਸਿੰਘ ਵਿਖੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਨਾਂ ਮੁਕਾਬਲਿਆਂ ਵਿੱਚ ਪਹਿਲੇ ਦੂਸਰੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਇਨਾਮ ਦਿੱਤੇ ਗਏ ਤੇ ਗੁਰਬਾਣੀ ਕੰਠ ਮੁਕਾਬਲਿਆ ਚ ਹਿੱਸਾ ਲੈਣ ਵਾਲਿਆਂ ਸਾਰੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ ! ਅੱਗੇ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਸਮੇਂ ਦੀ ਮੁੱਖ ਲੋੜ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਬਚਪਨ ਵਿੱਚ ਹੀ ਪੂਰੇ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲਾ ਕਿ ਗੁਰਬਾਣੀ ਨਾਲ ਪਿਆਰ ਕਰਨ ਦੀ ਪ੍ਰੇਰਨਾ ਦੇਈਏ ਤਾਂ ਜੋ ਸਾਡੇ ਬੱਚੇ ਭੈੜੀਆਂ ਅਲਾਮਤਾਂ ਤੋਂ ਬਚ ਕਿ ਆਪਣਾ ਜੀਵਨ ਸੁਚੱਜੇ ਢੰਗ ਨਾਲ ਬਤੀਤ ਕਰ ਸਕਣ ਕਿਉਂਕਿ ਬੱਚੇ ਨੂੰ ਪੂਰੇ ਗੁਰੂ ਦੀ ਸਿੱਖ ਮੱਤ ਦਿਵਾਉਣੀ ਮਾਂ ਬਾਪ ਦਾ ਮੁੱਢਲਾ ਫਰਜ਼ ਬਣਦਾ ਹੈ !ਅੱਗੇ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਬਹੁਤ ਖੁਸ਼ੀ ਦੀ ਗੱਲ ਹੈ ਕਿ ਕਾਫੀ ਬੱਚਿਆਂ ਨੇ ਇਹਨਾਂ ਗੁਰਬਾਣੀ ਕੰਠ ਮੁਕਾਬਲਿਆ ਵਿੱਚ ਭਾਗ ਲਿਆ ਹੈ ! ਇਸ ਮੌਕੇ ਤੇ ਡਾਕਟਰ ਇੰਦਰਜੀਤ ਸਿੰਘ ਦਲਜੀਤ ਸਿੰਘ ਗੁਰਦੀਪ ਸਿੰਘ ਤੇ ਸਿਮਰਨਜੀਤ ਸਿੰਘ ਭਾਈ ਬਲਜੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਪਿੰਡਾਂ ਦੇ ਕਾਂਗਰਸੀ ਵਰਕਰਾਂ ਸਮੇਤ ਪੰਜਾਬ ਕਾਂਗਰਸ ਵੱਲੋਂ ਵਿਧਾਨ ਸਭਾ ਘਿਰਾਓ ਰੋਸ ਮੁਜ਼ਾਹਰੇ 'ਚ ਸ਼ਮੂਲੀਅਤ



ਤਲਵੰਡੀ ਸਾਬੋ, 6 ਮਾਰਚ (ਗੁਰਜੰਟ ਸਿੰਘ ਨਥੇਹਾ)- ਕਾਂਗਰਸ ਪਾਰਟੀ ਵੱਲੋਂ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਦਾ ਇਤਿਹਾਸਕ ਘੇਰਾਓ ਕਰਨ ਲਈ ਕੀਤੇ ਰੋਸ ਮੁਜ਼ਾਹਰੇ ਵਿੱਚ ਇਲਾਕੇ ਅਤੇ ਪਿੰਡਾਂ ਦੇ ਕਾਂਗਰਸੀ ਵਰਕਰਾਂ ਸਮੇਤ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਸ਼ਮੂਲੀਅਤ ਕੀਤੀ ਗਈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਪੰਜਾਬ ਕਾਂਗਰਸ ਵੱਲੋਂ ਕੀਤੇ ਰੋਸ ਮੁਜ਼ਾਹਰੇ ਦੌਰਾਨ ਮੰਗ ਕੀਤੀ ਗਈ ਕਿ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾਵਾਰ ਦੇ ਵਾਅਦੇ ਨੂੰ ਪੂਰਾ ਕਰਨ ਅਤੇ ਪਿਛਲੇ 4 ਸਾਲਾਂ ਦੇ 48,000 ਤੁਰੰਤ ਜਾਰੀ ਕਰਨ, ਪੰਜਾਬ ਵਿੱਚ ਡਿੱਗਦੀ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਦੀ ਵੱਧਦੀ ਮਹਾਮਾਰੀ ਨੂੰ ਰੋਕਣ ਦੀ ਮੰਗ ਕੀਤੀ ਗਈ। ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਕਾਂਗਰਸੀ ਵਰਕਰਾਂ ਦਾ ਰੋਸ ਮੁਜ਼ਾਹਰੇ 'ਚ ਪਹੁੰਚਣ ਲਈ ਧੰਨਵਾਦ ਕੀਤਾ ਗਿਆ।

ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਗੁਰਦੁਆਰਾ ਦਾਤਾ ਬੰਦੀ ਛੋੜ ਗਵਾਲੀਅਰ ਵਿਖੇ ਸਾਥੀਆਂ ਸਮੇਤ ਦਰਸ਼ਨ ਦੀਦਾਰ ਕੀਤੇ








ਗੁਰਦੁਆਰਾ ਦਾਤਾ ਬੰਦੀ ਛੋੜ ਗਵਾਲੀਅਰ ਵਿਖੇ ਸਾਥੀਆਂ ਸਮੇਤ 4 ਮਾਰਚ ਨੂੰ ਦਰਸ਼ਨ ਦੀਦਾਰ ਕਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਇੱਥੋਂ 52 ਰਾਜਿਆਂ ਨੂੰ ਰਿਹਾ ਕਰਵਾਇਆ ਸੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਗੁਰਦੁਆਰਾ ਦਾਤਾ ਬੰਦੀ ਛੋੜ ਗਵਾਲੀਅਰ ਵਿਖੇ ਸਾਥੀਆਂ ਸਮੇਤ ਦਰਸ਼ਨ ਦੀਦਾਰ ਕੀਤੇ








ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243